SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 46 | Tuesday, March 05, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਆਊਟਡੋਰ ਚੱਲ ਰਹੀ ਪਾਰਟੀ ਉੱਤੇ ਨਕਾਬਪੋਸ਼ ਵਿਅਕਤੀਆਂ ਨੇ ਚਲਾਈਆਂ ਗੋਲੀਆਂ, 4 ਹਲਾਕ, 7 ਜ਼ਖ਼ਮੀ

### ਸੈਨ ਹੋਜ਼ੇ ਤੋਂ 170 ਕਿਲੋਮੀਟਰ ਦੀ ਦੂਰੀ 'ਤੇ ਦੱਖਣ ਵੱਲ ਸਥਿਤ ਕਿੰਗ ਸਿਟੀ ਵਿਚ ਵਾਪਰੀ ਘਟਨਾ

ਕਿੰਗ ਸਿਟੀ, ਕੈਲੇਫੋਰਨੀਆ, 4 ਮਾਰਚ (ਪੋਸਟ ਬਿਊਰੋ) : ਸੋਮਵਾਰ ਨੂੰ ਸੈਂਟਰਲ ਕੈਲੇਫੋਰਨੀਆ ਵਿੱਚ ਇੱਕ ਆਊਟਡੋਰ ਪਾਰਟੀ ਉੱਤੇ ਕੁੱਝ ਵਿਅਕਤੀਆਂ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਚਾਰ ਵਿਅਕਤੀਆਂ ਨੂੰ ਮਾਰ ਸੁੱਟਿਆ ਤੇ ਸੱਤ ਹੋਰਨਾਂ ਨੂੰ ਜ਼ਖ਼ਮੀ ਕਰ ਦਿੱਤਾ। ਇਸ ਕਾਰੇ ਨੂੰ ਅੰਜਾਮ ਦੇਣ ਤੋਂ ਬਾਅਦ ਇਹ ਵਿਅਕਤੀ ਗੱਡੀ ਵਿੱਚ ਸਵਾਰ ਹੋ ਕੇ ਉੱਥੋਂ ਫਰਾਰ ਹੋ ਗਏ। ਇਹ ਜਾਣਕਾਰੀ ਪੁਲਿਸ ਨੇ ਦਿੱਤੀ।

ਪੁਲਿਸ ਨੇ ਦੱਸਿਆ ਕਿ ਕੁੱਝ ਵਿਅਕਤੀ ਗੱਡੀ ਵਿੱਚ ਸਵਾਰ ਹੋ ਕੇ ਆਏ ਤੇ ਉਨ੍ਹਾਂ ਸਾਰਿਆਂ ਨੇ ਮਾਸਕ ਪਾਏ ਹੋਏ ਸੀ। ਇੱਕ ਬਿਆਨ ਵਿੱਚ ਕਿੰਗ ਸਿਟੀ ਪੁਲਿਸ ਡਿਪਾਰਟਮੈਂਟ ਨੇ ਦੱਸਿਆ ਕਿ ਐਤਵਾਰ ਸ਼ਾਮੀਂ 6:00 ਵਜੇ ਦੇ ਨੇੜੇ ਤੇੜੇ ਉਨ੍ਹਾਂ ਨੂੰ ਕਿੰਗ ਸਿਟੀ ਤੋਂ ਗੋਲੀਆਂ ਚੱਲਣ ਦੀਆਂ ਰਿਪੋਰਟਾਂ ਮਿਲੀਆਂ। ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਤਿੰਨ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਇੱਕ ਘਰ ਦੇ ਫਰੰਟ ਯਾਰਡ ਵਿੱਚ ਮਿਲੇ। ਤਿੰਨਾਂ ਵਿਅਕਤੀਆਂ ਦੀ ਜਾਂਚ ਕਰਨ ਤੋਂ ਬਾਅਦ ਉਨ੍ਹਾਂ ਨੂੰ ਮੌਕੇ ਉੱਤੇ ਹੀ



ਮ੍ਰਿਤਕ ਕਰਾਰ ਦੇ ਦਿੱਤਾ ਗਿਆ।

ਸੈਨ ਹੋਜ਼ੇ ਤੋਂ 170 ਕਿੱਲੋਮੀਟਰ ਦੀ ਦੂਰੀ ਉੱਤੇ ਦੱਖਣ ਵੱਲ ਸਥਿਤ ਕਿੰਗ ਸਿਟੀ ਵਿੱਚ ਵਾਪਰੀ ਇਸ ਘਟਨਾ ਵਿੱਚ ਜ਼ਖ਼ਮੀ ਹੋਈ ਮਹਿਲਾ ਨੂੰ ਮੀਅ ਮੈਮੋਰੀਅਲ ਹਸਪਤਾਲ ਲਿਜਾਇਆ ਗਿਆ ਪਰ ਉਸ ਨੂੰ ਵੀ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਪੁਲਿਸ ਨੇ ਸ਼ੁਰੂ ਵਿੱਚ ਦੱਸਿਆ ਕਿ ਤਿੰਨ ਜ਼ਖ਼ਮੀ ਵਿਅਕਤੀਆਂ ਨੂੰ ਸੈਲਿਨਾਸ ਦੇ ਨੈਟੀਵਿਡਾਡ ਹਸਪਤਾਲ ਲਿਜਾਇਆ ਗਿਆ ਪਰ ਬਾਅਦ ਵਿੱਚ ਡਿਟੈਕਟਿਵਜ਼ ਨੂੰ ਚਾਰ ਹੋਰਨਾਂ ਜ਼ਖ਼ਮੀ ਵਿਅਕਤੀਆਂ ਬਾਰੇ ਵੀ ਪਤਾ ਲੱਗਿਆ। ਫਿਰ ਉਨ੍ਹਾਂ ਨੂੰ ਵੀ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਦੋ ਵਿਅਕਤੀਆਂ ਦੀ ਹਾਲਤ ਨਾਜ਼ੁਕ ਹੈ ਤੇ ਪੰਜ ਹੋਰਨਾਂ ਨੂੰ ਖਤਰੇ ਤੋਂ ਬਾਹਰ ਦੱਸਿਆ ਗਿਆ। ਇੱਕ ਘਰ ਦੇ ਬਾਹਰ ਚੱਲ ਰਹੀ ਪਾਰਟੀ ਵਿੱਚ ਕਈ ਲੋਕ ਇੱਕਠੇ ਹੋ ਕੇ ਜਸ਼ਨ ਮਨਾ ਰਹੇ ਸਨ ਜਦੋਂ ਤਿੰਨ ਨਕਾਬਪੋਸ਼ ਵਿਅਕਤੀ ਕਾਲੇ ਰੰਗ ਦੇ ਕੱਪੜੇ ਪਾਈ ਸਿਲਵਰ ਰੰਗ ਦੀ ਕੀਆ ਵਿੱਚੋਂ ਉਤਰੇ ਤੇ ਪਾਰਟੀ ਕਰ ਰਹੇ ਗਰੁੱਪ ਉੱਤੇ ਗੋਲੀਆਂ ਚਲਾਉਣ ਲੱਗੇ। ਫਿਰ ਉਹ ਉੱਥੋਂ ਫਰਾਰ ਹੋ ਗਏ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿੱਚ ਮਸ਼ਕੂਕਾਂ ਬਾਰੇ ਜਾਣਕਾਰੀ ਦੇਣ ਵਾਲਿਆਂ ਨੂੰ ਸਿਟੀ ਵੱਲੋਂ 20,000 ਡਾਲਰ ਦੇਣ ਦਾ ਐਲਾਨ ਵੀ ਕੀਤਾ ਗਿਆ ਹੈ।

## ਯੌਰਕ ਦੇ ਹਾਈ ਸਕੂਲ ਦੇ ਵਿਦਿਆਰਥੀਆਂ ਤੇ ਸਟਾਫ ਦੇ ਨੇੜਲੇ ਸੰਪਰਕ ਵਿਚ ਸੀ ਮੀਜ਼ਲਜ਼ ਦਾ ਮਰੀਜ਼

ਟੋਰਾਂਟੋ, 4 ਮਾਰਚ (ਪੋਸਟ ਬਿਊਰੋ) : ਯੌਰਕ ਰੀਜਨ ਦੇ ਮੈਡੀਕਲ ਆਫੀਸਰ ਆਫ ਹੈਲਥ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇੱਕ ਵਿਅਕਤੀ, ਜਿਸ ਵਿੱਚ ਖਸਰੇ (ਮੀਜ਼ਲਜ਼) ਦੇ ਲੱਛਣ ਪਾਏ ਗਏ ਹਨ, ਟੋਰਾਂਟੋ ਦੇ ਨੌਰਥ ਸਥਿਤ ਹਾਈ ਸਕੂਲ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਨੇੜਲੇ ਸੰਪਰਕ ਵਿੱਚ ਸੀ।





ਡਾ. ਬੈਰੀ ਪੇਕਸ ਨੇ ਆਖਿਆ ਕਿ ਯੌਰਕ ਰੀਜਨ ਦੇ ਇੱਕ ਸਕੂਲ ਦੇ 1500 ਵਿਦਿਆਰਥੀਆਂ ਤੇ 150 ਸਟਾਫ ਮੈਂਬਰਾਂ ਨੂੰ ਪਿਛਲੇ ਹਫਤੇ ਇਸ ਗੱਲ ਦੀ ਜਾਣਕਾਰੀ ਦੇ ਦਿੱਤੀ ਗਈ ਸੀ ਕਿ ਉਨ੍ਹਾਂ ਦਾ ਸੰਪਰਕ ਮੀਜ਼ਲਜ਼ ਨਾਲ ਗ੍ਰਸਤ ਵਿਅਕਤੀ ਨਾਲ ਹੋਇਆ ਹੋ ਸਕਦਾ ਹੈ। ਜਿਸ ਵਿਅਕਤੀ ਨੂੰ ਮੀਜ਼ਲਜ਼ ਹਨ, ਉਹ ਆਪਣੇ 30ਵਿਆਂ ਵਿੱਚ ਹੈ ਤੇ ਉਸ ਦੀ ਟਰੈਵਲ ਕਰਨ ਦੀ ਕੋਈ ਹਿਸਟਰੀ ਜਾਂ ਕਿਸੇ ਬਿਮਾਰ ਵਿਅਕਤੀ ਦੇ ਸੰਪਰਕ ਵਿੱਚ ਆਉਣ ਦੀ ਵੀ ਕੋਈ ਹਿਸਟਰੀ ਨਹੀਂ ਹੈ।

ਪੇਕਸ ਨੇ ਦੱਸਿਆ ਕਿ ਸੰਭਾਵੀ ਤੌਰ ਉੱਤੇ ਇਸ ਵਿਅਕਤੀ ਦੇ ਸੰਪਰਕ ਵਿੱਚ ਆਏ ਵਿਦਿਆਰਥੀਆਂ ਤੇ ਸਟਾਫ ਨੂੰ ਐਤਵਾਰ ਨੂੰ ਇਮਿਊਨਾਈਜ਼ੇਸ਼ਨ ਕਲੀਨਿਕ ਸੱਦਿਆ ਗਿਆ ਤੇ ਵੱਡੀ ਗਿਣਤੀ ਵਿੱਚ ਲੋਕ ਇੱਥੇ ਪਹੁੰਚੇ। ਪੇਕਸ ਨੇ ਦੱਸਿਆ ਕਿ ਇਸ ਸਕੂਲ ਵਿੱਚ ਮੀਜ਼ਲਜ਼ ਦੀ ਵੈਕਸੀਨੇਸ਼ਨ ਦੀ ਦਰ 95 ਫੀ ਸਦੀ ਤੋਂ ਵੱਧ ਹੈ। ਜਿਹੜੇ ਵਿਦਿਆਰਥੀ ਮੀਜ਼ਲਜ਼, ਮੰਪਸ ਤੇ ਰੁਬੇਲਾ (ਐਮਐਮਆਰ) ਦੀਆਂ ਦੋ ਡੋਜ਼ਾਂ ਲੱਗੀਆਂ ਹੋਣ ਦਾ ਸਬੂਤ ਨਹੀਂ ਦੇ ਸਕੇ ਉਨ੍ਹਾਂ ਨੂੰ 15 ਮਾਰਚ ਤੱਕ ਸਕੂਲ ਪਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਪਬਲਿਕ ਹੈਲਥ ਓਨਟਾਰੀਓ ਵੱਲੋਂ ਹੁਣ ਤੱਕ ਪ੍ਰੋਵਿੰਸ ਵਿੱਚ ਮੀਜ਼ਲਜ਼ ਦੇ ਪੰਜ ਮਾਮਲਿਆਂ ਦੀ ਪੁਸ਼ਟੀ ਕੀਤੀ ਗਈ ਹੈ ਤੇ ਇਹ ਵੀ ਦੱਸਿਆ ਗਿਆ ਕਿ ਇਨ੍ਹਾਂ ਵਿੱਚੋਂ ਸਿਰਫ ਇੱਕ ਵਿਅਕਤੀ ਦੀ ਹੀ ਟਰੈਵਲ ਹਿਸਟਰੀ ਹੈ।

## ਮਿਲਟਨ ਸਕੂਲ ਵਿੱਚ ਦੋ ਪੋਰਟੇਬਲਜ਼ ਨੂੰ ਲਾਈ ਗਈ ਅੱਗ

ਹਾਲਟਨ, 4 ਮਾਰਚ (ਪੋਸਟ ਬਿਊਰੋ) : ਮਿਲਟਨ ਦੇ ਐਲੀਮੈਂਟਰੀ ਸਕੂਲ ਵਿੱਚ ਦੋ ਪੋਰਟੇਬਲਜ਼ ਨੂੰ ਕਥਿਤ ਤੌਰ ਉੱਤੇ ਜਾਣਬੁੱਝ ਕੇ ਅੱਗ ਲਗਾਏ ਜਾਣ ਤੇ ਨਫਰਤ ਭਰੀ ਗ੍ਰੈਫਿਟੀ ਬਣਾਉਣ ਦੇ ਮਾਮਲੇ ਦੀ ਹਾਲਟਨ ਪੁਲਿਸ ਜਾਂਚ ਕਰ ਰਹੀ ਹੈ।

ਇਹ ਘਟਨਾ ਬਰੂਸ ਟਰੇਲ ਪਬਲਿਕ ਸਕੂਲ, ਜੋ ਕਿ ਡੈਰੀ ਰੋਡ ਤੇ ਉੱਤਰ ਤੇ ਥੌਂਪਸਨ ਰੋਡ ਸਾਊਥ ਦੇ ਪੂਰਬ ਵਿੱਚ ਸਥਿਤ ਹੈ, ਵਿਖੇ ਵਾਪਰੀ। ਹਾਲਟਨ ਰੀਜਨਲ ਪੁਲਿਸ ਸਰਵਿਸਿਜ਼ (ਐਚਆਰਪੀਐਸ) ਨੇ ਦੱਸਿਆ ਕਿ ਮਿਲਟਨ ਫਾਇਰ ਸਰਵਿਸਿਜ਼ ਨੂੰ ਐਤਵਾਰ ਰਾਤੀਂ 12:30 ਵਜੇ ਸੱਦਿਆ ਗਿਆ। ਇਸ ਇਲਾਕੇ ਵਿੱਚ ਸਥਿਤ ਸਕੂਲ ਵਿੱਚੋਂ ਪੋਰਟੇਬਲ ਵਿੱਚੋਂ ਭਾਰੀ ਧੂੰਆਂ ਨਿਕਲਣ ਦੀਆਂ ਰਿਪੋਰਟਾਂ ਦਿੱਤੀਆਂ ਗਈਆਂ।





ਇੱਕ ਨਿਊਜ਼ ਰਲੀਜ਼ ਵਿੱਚ ਐਚਆਰਪੀਐਸ ਨੇ ਆਖਿਆ ਕਿ ਐਮਰਜੰਸੀ ਰਿਸਪਾਂਡਰਜ਼ ਨੂੰ ਮੌਕੇ ਉੱਤੇ ਇੱਕ ਹੋਰ ਪੋਰਟੇਬਲ ਵਿੱਚੋਂ ਅੱਗ ਦੀਆਂ ਲਪਟਾਂ ਨਿਕਲਦੀਆਂ ਨਜ਼ਰ ਆਈਆਂ। ਦੋਵਾਂ ਥਾਂਵਾਂ ਉੱਤੇ ਲੱਗੀ ਅੱਗ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ ਹੈ। ਪੋਰਟੇਬਲਜ਼ ਵਿੱਚ ਮੌਜੂਦ ਕਈ ਕਿਤਾਬਾਂ ਤੇ ਕਾਗਜ਼ਾਂ ਨੂੰ ਅੱਗ ਲਗਾ ਦਿੱਤੀ ਗਈ। ਜਾਂਚਕਾਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਐਲਜੀਬੀਟੀਕਿਊ2ਐਸ+ ਕਮਿਊਨਿਟੀ ਖਿਲਾਫ ਤੇ ਫਲਸਤੀਨ ਪੱਖੀ ਗ੍ਰੈਫਿਟੀ ਵੀ ਉੱਕਰੀ ਮਿਲੀ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਰਿਹਾਇਸ਼ੀ ਇਮਾਰਤ ਵਿੱਚ ਚੱਲੀ ਗੋਲੀ, 1 ਹਲਾਕ

ਇਟੋਬੀਕੋ, 4 ਮਾਰਚ (ਪੋਸਟ ਬਿਊਰੋ) : ਉੱਤਰੀ ਇਟੋਬੀਕੋ ਵਿੱਚ ਇੱਕ ਰਿਹਾਇਸ਼ੀ ਕਾਂਪਲੈਕਸ ਦੇ ਬਾਹਰ ਦੇਰ ਰਾਤ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਇਸ ਮਾਮਲੇ ਨੂੰ ਕਤਲ ਮੰਨ ਕੇ ਜਾਂਚ ਕੀਤੀ ਜਾ ਰਹੀ ਹੈ।



ਰਾਤੀਂ 11:30 ਵਜੇ ਦੇ ਨੇੜੇ ਤੇੜੇ ਰੈਕਸਡੇਲ ਬੁਲੇਵਾਰਡ ਤੇ ਇਸਲਿੰਗਟਨ ਐਵਨਿਊ ਨੇੜੇ ਬਰਗਾਮੋਟ ਐਵਨਿਊ ਉੱਤੇ ਸਥਿਤ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੈਰਾਮੈਡਿਕਸ ਨੇ ਬਿਲਡਿੰਗ ਦੇ ਸਾਹਮਣੇ ਵਾਲੇ ਗੇਟ ਦੇ ਨੇੜੇ ਇੱਕ ਵਿਅਕਤੀ ਨੂੰ ਬੇਸੁੱਧ ਪਿਆ ਵੇਖਿਆ ਤੇ ਉਸ ਦੀ ਜਾਂਚ ਕੀਤੀ ਪਰ ਕਿਸੇ ਨੂੰ ਹਸਪਤਾਲ ਨਹੀਂ ਲਿਜਾਇਆ ਗਿਆ। ਪੁਲਿਸ ਵੱਲੋਂ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨਣ ਦੀ ਪੁਸ਼ਟੀ ਕੀਤੀ ਗਈ।

ਸਥਾਨਕ ਵਾਸੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਗੋਲੀ ਚੱਲਣ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ ਤੇ ਫਿਰ ਜਦੋਂ ਉਨ੍ਹਾਂ ਨੇ ਖਿੜਕੀਆਂ ਵਿੱਚੋਂ ਬਾਹਰ ਵੇਖਿਆ ਤਾਂ ਇੱਕ ਵਿਅਕਤੀ ਜ਼ਮੀਨ ਉੱਤੇ ਪਿਆ ਸੀ ਤੇ ਕੋਈ ਗੱਡੀ ਵੱਲ ਭੱਜ ਕੇ ਜਾ ਰਿਹਾ ਸੀ। ਫਿਰ ਉਹ ਗੱਡੀ ਉੱਥੋਂ ਤੇਜ਼ੀ ਨਾਲ ਚਲੀ ਗਈ। ਮਾਮਲੇ ਦੀ ਜਾਂਚ ਟੋਰਾਂਟੋ ਪੁਲਿਸ ਦੀ ਹੋਮੀਸਾਈਡ ਯੂਨਿਟ ਵੱਲੋਂ ਆਪਣੇ ਹੱਥਾਂ ਵਿੱਚ ਲੈ ਲਈ ਗਈ ਹੈ।

## ਈਡੀ ਦੇ ਵੀਡੀਓ ਕਾਨਫਰੰਸਿੰਗ ਰਾਹੀਂ ਸਵਾਲਾਂ ਦੇ ਜਵਾਬ ਦੇਣ ਲਈ ਤਿਆਰ ਹੋਏ ਕੇਜਰੀਵਾਲ


ਨਵੀਂ ਦਿੱਲੀ, 4 ਮਾਰਚ (ਪੋਸਟ ਬਿਊਰੋ): ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਸ਼ਰਾਬ ਘੁਟਾਲੇ ਦੇ ਮਾਮਲੇ 'ਚ ਪੁੱਛਗਿੱਛ ਲਈ ਰਾਜ਼ੀ ਹੋ ਗਏ ਹਨ। ਉਨ੍ਹਾਂ ਨੇ ਇਨਫੋਰਸਮੈਂਟ ਡਾਇਰੈਕਟੋਰੇਟ ਤੋਂ 12 ਮਾਰਚ ਤੋਂ ਬਾਅਦ ਦੀ ਨਵੀਂ ਤਰੀਕ ਮੰਗੀ ਹੈ। ਉਥੇ ਹੀ ਉਨ੍ਹਾਂ ਨੇ ਇਹ ਵੀ ਕਿਹਾ ਹੈ ਕਿ ਉਹ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਣਗੇ। ਦਸ ਦਈਏ ਕਿ, ਕੇਜਰੀਵਾਲ ਅੱਜ ਅੱਠਵੇਂ ਸੰਮਨ 'ਤੇ ਵੀ ਪੇਸ਼ ਨਹੀਂ ਹੋਣਗੇ। ਇਕ ਵੀਡਿਓ ਜਾਰੀ ਕਰਦਿਆਂ, ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਇਨਫੋਰਸਮੈਂਟ ਡਾਇਰੈਕਟੋਰੇਟ ਨੂੰ ਜਵਾਬ ਭੇਜਿਆ ਹੈ। ਉਹਨਾਂ ਕਿਹਾ ਹੈ ਕਿ ਇਹ ਸੰਮਨ ਗੈਰ-ਕਾਨੂੰਨੀ ਹੈ। ਪਰ ਓਹ ਫਿਰ ਵੀ ਸਵਾਲਾਂ ਦੇ ਜਵਾਬ ਦੇਣ ਲਈ ਤਿਆਰ ਹਨ।

ਐਨਫੋਰਸਮੈਂਟ ਡਾਇਰੈਕਟੋਰੇਟ ਨੇ 27 ਫਰਵਰੀ ਨੂੰ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਅੱਠਵਾਂ ਸੰਮਨ ਭੇਜਿਆ ਸੀ। ਇਸ ਤੋਂ ਪਹਿਲਾਂ ਈਡੀ ਨੇ ਉਨ੍ਹਾਂ ਨੂੰ ਸੱਤ ਵਾਰ ਸੰਮਨ ਜਾਰੀ ਕੀਤੇ ਸਨ। ਪਰ ਮੁੱਖ ਮੰਤਰੀ ਅਜੇ ਤੱਕ ਈਡੀ ਸਾਹਮਣੇ ਪੇਸ਼ ਨਹੀਂ ਹੋਏ। ਹੁਣ ਉਹ ਅੱਠਵੇਂ ਸੰਮਨ 'ਤੇ ਵੀ ਪੇਸ਼ ਨਹੀਂ ਹੋਣਗੇ।

ਕੇਜਰੀਵਾਲ ਨੇ ਕਿਹਾ ਸੀ ਕਿ ਜੇਕਰ ਅਦਾਲਤ ਇਸ ਸਬੰਧੀ ਕੋਈ ਹੁਕਮ ਦਿੰਦੀ ਹੈ ਤਾਂ ਉਹ ਇਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਹਮਣੇ ਪੇਸ਼ ਹੋਣਗੇ। ਇਨਫੋਰਸਮੈਂਟ ਡਾਇਰੈਕਟੋਰੇਟ ਨੇ ਸੰਮਨ 'ਤੇ ਕੇਜਰੀਵਾਲ ਦੇ ਪੇਸ਼ ਨਾ ਹੋਣ 'ਤੇ ਸ਼ਹਿਰ ਦੀ ਇਕ ਅਦਾਲਤ ਤੱਕ ਪਹੁੰਚ ਕੀਤੀ, ਜਿਸ 'ਤੇ ਅਦਾਲਤ ਨੇ ਦਿੱਲੀ ਦੇ ਮੁੱਖ ਮੰਤਰੀ ਨੂੰ 16 ਮਾਰਚ ਨੂੰ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ।

## ਸ਼ਾਹਬਾਜ਼ ਸ਼ਰੀਫ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਬਣੇ, ਰਾਸ਼ਟਰਪਤੀ ਭਵਨ ਵਿਖੇ ਸਹੁੰ ਚੁੱਕੀ

ਇਸਲਾਮਾਬਾਦ, 4 ਮਾਰਚ (ਪੋਸਟ ਬਿਊਰੋ): 72 ਸਾਲਾ ਸ਼ਾਹਬਾਜ਼ ਸ਼ਰੀਫ ਦੂਜੀ ਵਾਰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਬਣ ਗਏ ਹਨ। ਉਨ੍ਹਾਂ ਨੇ ਸੋਮਵਾਰ ਨੂੰ ਰਾਸ਼ਟਰਪਤੀ ਭਵਨ 'ਚ ਸਹੁੰ ਚੁੱਕੀ। ਇਸ ਦੌਰਾਨ ਉਨ੍ਹਾਂ ਦੇ ਵੱਡੇ ਭਰਾ ਅਤੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ, ਪੰਜਾਬ ਸੂਬੇ ਦੀ ਮੁੱਖ ਮੰਤਰੀ ਮਰੀਅਮ ਨਵਾਜ਼, ਤਿੰਨਾਂ ਫੌਜਾਂ ਦੇ ਮੁਖੀ ਵੀ ਮੌਜੂਦ ਸਨ। ਮੰਤਰੀ ਮੰਡਲ ਦਾ ਐਲਾਨ ਬਾਅਦ ਵਿਚ ਕੀਤਾ ਜਾਵੇਗਾ।



ਸ਼ਾਹਬਾਜ਼ ਪਾਕਿਸਤਾਨ ਦੇ 24ਵੇਂ ਪ੍ਰਧਾਨ ਮੰਤਰੀ ਹਨ। ਉਹ 3 ਮਾਰਚ 2024 ਨੂੰ ਪ੍ਰਧਾਨ ਮੰਤਰੀ ਚੁਣੇ ਗਏ ਸਨ। ਉਨ੍ਹਾਂ ਨੂੰ 201 ਸੰਸਦ ਮੈਂਬਰਾਂ ਦਾ ਸਮਰਥਨ ਹਾਸਿਲ ਸੀ। ਉਨ੍ਹਾਂ ਨੇ ਸੰਸਦ 'ਚ 1 ਘੰਟਾ 24 ਮਿੰਟ ਤਕ ਭਾਸ਼ਣ ਦਿੱਤਾ। ਸ਼ਾਹਬਾਜ਼ ਨੇ ਕਸ਼ਮੀਰ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਕਸ਼ਮੀਰ ਵਿੱਚ ਲੋਕ ਮਾਰੇ ਜਾ ਰਹੇ ਹਨ। ਇਸ ਤੋਂ ਇਲਾਵਾ ਇਜ਼ਰਾਈਲ ਗਾਜ਼ਾ 'ਤੇ ਲਗਾਤਾਰ ਬੰਬਾਰੀ ਕਰ ਰਿਹਾ ਹੈ। ਸਾਨੂੰ ਕਸ਼ਮੀਰ ਅਤੇ ਫਲਸਤੀਨ ਦੀ ਆਜ਼ਾਦੀ ਲਈ ਸੰਸਦ ਵਿੱਚ ਮਤਾ ਪਾਸ ਕਰਨਾ ਚਾਹੀਦਾ ਹੈ।

## ਹੈਤੀ ਦੀ ਜੇਲ 'ਚੋਂ 4 ਹਜ਼ਾਰ ਕੈਦੀ ਫਰਾਰ, ਐਮਰਜੈਂਸੀ ਲਗਾਈ, 12 ਮੌਤਾਂ

ਹੈਤੀ, 4 ਮਾਰਚ (ਪੋਸਟ ਬਿਊਰੋ): ਕੈਰੇਬੀਅਨ ਦੇਸ਼ ਹੈਤੀ ਦੀ ਸਰਕਾਰ ਨੇ ਦੇਸ਼ ਵਿਚ 72 ਘੰਟਿਆਂ ਦੀ ਐਮਰਜੈਂਸੀ ਦਾ ਐਲਾਨ ਕਰ ਦਿੱਤਾ ਹੈ। ਇੱਕ ਹਫ਼ਤੇ ਤੋਂ ਜਾਰੀ ਹਿੰਸਾ ਦੇ ਮੱਦੇਨਜ਼ਰ ਐਮਰਜੈਂਸੀ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ।

ਦਰਅਸਲ 29 ਫਰਵਰੀ ਨੂੰ ਦੇਸ਼ 'ਚ ਮੌਜੂਦ ਅਪਰਾਧਿਕ ਗਿਰੋਹ ਦੇ ਮੈਂਬਰਾਂ ਨੇ ਕਈ ਸਰਕਾਰੀ ਅਦਾਰਿਆਂ 'ਤੇ ਹਮਲੇ ਕੀਤੇ ਸਨ। ਉਨ੍ਹਾਂ ਨੇ ਜੇਲ 'ਤੇ ਹਮਲਾ ਕਰ ਦਿੱਤਾ, ਜਿਸ ਤੋਂ ਬਾਅਦ 4 ਹਜ਼ਾਰ ਕੈਦੀ ਫਰਾਰ ਹੋ ਗਏ।

ਇਹ ਹਥਿਆਰਬੰਦ ਲੋਕ ਦੇਸ਼ ਦੇ ਕਈ ਹਿੱਸਿਆਂ ਵਿੱਚ ਦੁਕਾਨਾਂ ਅਤੇ ਘਰਾਂ ਨੂੰ ਅੱਗ ਲਗਾ ਰਹੇ ਹਨ ਅਤੇ ਭੰਨ-ਤੋੜ ਕਰ ਰਹੇ ਹਨ। ਹਿੰਸਾ 'ਚ ਹੁਣ ਤੱਕ 12 ਲੋਕਾਂ ਦੀ ਮੌਤ ਹੋ ਚੁੱਕੀ ਹੈ। ਹਿੰਸਾ ਦਾ ਕਾਰਨ ਪ੍ਰਧਾਨ ਮੰਤਰੀ ਏਰੀਅਲ ਹੈਨਰੀ ਦਾ ਵਿਦੇਸ਼ ਦੌਰਾ ਦੱਸਿਆ ਜਾ ਰਿਹਾ ਹੈ। ਇਸ ਤੋਂ ਨਾਖੁਸ਼ ਅਪਰਾਧੀ ਗਿਰੋਹ ਦੇ ਲੋਕ ਉਸ ਦੇ ਅਸਤੀਫੇ ਦੀ ਮੰਗ ਕਰ ਰਹੇ ਹਨ। ਜਾਣਕਾਰੀ ਮੁਤਾਬਕ ਪ੍ਰਧਾਨ ਮੰਤਰੀ ਏਰੀਅਲ ਹੈਨਰੀ ਦੇ ਕੀਨੀਆ ਦੌਰੇ ਤੋਂ ਬਾਅਦ ਹੈਤੀ ਵਿੱਚ ਹਿੰਸਾ ਸ਼ੁਰੂ ਹੋ ਗਈ। ਦਰਅਸਲ, ਪ੍ਰਧਾਨ ਮੰਤਰੀ ਹੈਤੀ ਵਿਚ ਕੀਨੀਆ ਦੀ ਅਗਵਾਈ ਵਾਲੀ ਬਹੁ-ਰਾਸ਼ਟਰੀ ਸੁਰੱਖਿਆ ਬਲ ਦੀ ਤਾਇਨਾਤੀ 'ਤੇ ਚਰਚਾ ਕਰਨ ਲਈ ਨੈਰੋਬੀ ਗਏ ਹਨ। ਇਸ ਤੋਂ ਬਾਅਦ ਹੈਤੀ ਦੇ ਸਾਰੇ ਅਪਰਾਧੀ ਗਰੋਹਾਂ ਨੇ ਇਕਜੁੱਟ ਹੋ ਕੇ ਪ੍ਰਧਾਨ ਮੰਤਰੀ ਨੂੰ ਅਹੁਦੇ ਤੋਂ ਹਟਾਉਣ ਲਈ ਹਿੰਸਾ ਸ਼ੁਰੂ ਕਰ ਦਿੱਤੀ।



Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚੁਣ ਕੇ ਭੇਜੇ ਸਨ ਆਗੂ ਅਸੈਂਬਲੀ ਵਿੱਚ,
ਓਥੇ ਕੁਝ ਰੱਖਣਗੇ ਲੋਕਾਂ ਦਾ ਪੱਖ ਮੀਆਂ।
ਹੋਇਆ-ਵਾਪਰਿਆ ਵੇਖੋ ਤਾਂ ਹੋਈ ਚਿੰਤਾ,
ਪੱਖ ਤਾਂ ਰਿਹਾ ਨਹੀਂ ਕੋਈ ਵੀ ਰੱਖ ਮੀਆਂ।
ਮਿਹਣੇ-ਤੁਹਮਤਾਂ ਜਾਂ ਡਿੱਗੀ ਬੋਲ-ਬਾਣੀ,
ਵਾਪਰਦੀ ਜਾਪਦੀ ਸਿਰਫ ਹੈ ਝੱਖ ਮੀਆਂ।
ਵਿਗੜੀ ਤਾਣੀ ਨਾ ਸੁਲਝਦੀ ਜਾਪਦੀ ਇਹ,
ਚਸਕੇ ਲੈਂਦੇ ਪਏ ਰਾਹਾਂ ਵਿੱਚ ਕੱਖ ਮੀਆਂ।
ਧੀਰ-ਗੰਭੀਰ ਨਾ ਚਰਚਾ ਦਾ ਰਿਹਾ ਮੌਸਮ,
ਸਾਰੇ ਈ ਪਾੜਦੇ ਸੁਣੀ ਜਾਉ ਸੰਘ ਮੀਆਂ।
ਕੀਹਦੀ ਗੱਲ ਕਰੀਏ, ਕੀਹਦੀ ਨਾ ਕਰੀਏ,
ਹਰ ਕੋਈ ਦੂਜੇ ਤੋਂ ਰਿਹਾ ਏ ਲੰਘ ਮੀਆਂ।

**ਤੀਸ ਮਾਰ ਖਾਂ**

# ਦਿੱਲੀ ਸਰਕਾਰ ਵੱਲੋਂ ਔਰਤਾਂ ਨੂੰ ਹਰ ਮਹੀਨੇ ਇੱਕ ਹਜ਼ਾਰ ਰੁਪਏ ਦੇਣ ਦਾ ਐਲਾਨ

ਨਵੀਂ ਦਿੱਲੀ, 4 ਮਾਰਚ (ਪੋਸਟ ਬਿਊਰੋ): ਦਿੱਲੀ ਦੀ ਵਿੱਤ ਮੰਤਰੀ ਆਤਿਸ਼ੀ ਮਾਰ-ਲੇਨਾ ਨੇ ਸੋਮਵਾਰ (4 ਮਾਰਚ) ਨੂੰ ਸਾਲ 2024-25 ਲਈ 76,000 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਆਤਿਸ਼ੀ ਨੇ ਬਜਟ ਵਿਚ 18 ਸਾਲ ਤੋਂ ਵੱਧ ਉਮਰ ਦੀਆਂ ਬੀਬੀਆਂ ਨੂੰ ਹਰ ਮਹੀਨੇ ਇੱਕ ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ ਹੈ। ਇਸ ਦੇ ਲਈ ਸਰਕਾਰ ਬੀਬੀ ਸਨਮਾਨ ਯੋਜਨਾ ਲੈ ਕੇ ਆਈ ਹੈ।

ਵਿਧਾਨ ਸਭਾ 'ਚ ਬਜਟ ਦੌਰਾਨ ਆਪਣੇ ਭਾਸ਼ਣ 'ਚ ਆਤਿਸ਼ੀ ਨੇ ਕਿਹਾ ਕਿ ਹੁਣ ਤੱਕ ਅਮੀਰ ਦਾ ਬੱਚਾ ਅਮੀਰ ਹੁੰਦਾ ਸੀ, ਗਰੀਬ ਦਾ ਬੱਚਾ ਗਰੀਬ ਰਹਿੰਦਾ ਸੀ। ਇਹ ਰਾਮ ਰਾਜ ਦੇ ਸੰਕਲਪ ਦੇ ਉਲਟ ਸੀ। ਉਨ੍ਹਾਂ ਕਿਹਾ ਕਿ ਕੇਜਰੀਵਾਲ ਸਰਕਾਰ ਨੇ ਇਸ ਨੂੰ ਬਦਲ ਦਿੱਤਾ ਹੈ। ਅੱਜ ਮਜ਼ਦੂਰ ਬੱਚੇ ਵੀ ਪ੍ਰਬੰਧਕ ਬਣ ਰਹੇ ਹਨ।

ਆਤਿਸ਼ੀ ਨੇ ਕਿਹਾ ਕਿ ਇਸ ਸਦਨ



ਵਿਚ ਮੌਜੂਦ ਸਾਰੇ ਲੋਕ ਭਗਵਾਨ ਰਾਮ ਤੋਂ ਪ੍ਰੇਰਿਤ ਹਨ। ਅਸੀਂ ਰਾਮ ਰਾਜ ਦੇ ਸੁਪਨੇ ਨੂੰ ਪੂਰਾ ਕਰਨ ਲਈ ਪਿਛਲੇ 9 ਸਾਲਾਂ ਤੋਂ ਦਿਨ ਰਾਤ ਮਿਹਨਤ ਕਰ ਰਹੇ ਹਾਂ। ਅਸੀਂ ਦਿੱਲੀ ਦੇ ਲੋਕਾਂ ਨੂੰ ਖੁਸ਼ਹਾਲੀ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਹੁਣ ਬਹੁਤ ਕੁਝ ਕਰਨਾ ਬਾਕੀ ਹੈ, ਪਰ ਅਸੀਂ ਪਿਛਲੇ ਨੌਂ ਸਾਲਾਂ ਵਿੱਚ ਬਹੁਤ ਕੁਝ ਕੀਤਾ ਹੈ।

ਆਤਿਸ਼ੀ ਨੇ ਕਿਹਾ ਕਿ ਦਿੱਲੀ ਸਰਕਾਰ ਨੇ ਪੁਰਾਣੀਆਂ ਚੀਜ਼ਾਂ ਨੂੰ ਬਦਲ ਦਿੱਤਾ ਹੈ। ਹੁਣ ਦਿੱਲੀ ਵਿੱਚ ਮਜ਼ਦੂਰਾਂ ਦੇ ਬੱਚੇ ਮੈਨੇਜਿੰਗ ਡਾਇਰੈਕਟਰ ਬਣ ਰਹੇ ਹਨ। ਕੇਜਰੀਵਾਲ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 2121 ਬੱਚਿਆਂ ਨੇ ਜੇਈਈ ਅਤੇ ਨੀਟ ਦੀ ਪ੍ਰੀਖਿਆ ਪਾਸ ਕੀਤੀ। ਸਿੱਖਿਆ ਸਾਡੀ ਸਰਕਾਰ ਦੀ ਤਰਜੀਹ ਹੈ ਅਤੇ 2015 ਵਿੱਚ ਅਸੀਂ ਸਿੱਖਿਆ ਦਾ ਬਜਟ ਨੂੰ ਦੁੱਗਣਾ ਕਰ ਦਿੱਤਾ ਹੈ। ਅਸੀਂ ਆਪਣੇ ਬਜਟ ਦਾ ਚੌਥਾ ਹਿੱਸਾ ਸਿੱਖਿਆ 'ਤੇ ਖਰਚ ਕੀਤਾ ਹੈ। ਇਸ ਸਾਲ ਅਸੀਂ ਸਿੱਖਿਆ ਲਈ 16,396 ਕਰੋੜ ਰੁਪਏ ਦਾ ਬਜਟ ਰੱਖਿਆ ਹੈ।

ਦਿੱਲੀ ਦੇ ਵਿੱਤ ਮੰਤਰੀ ਨੇ ਕਿਹਾ ਕਿ ਦਿੱਲੀ ਦੀ ਜੀਐਸਡੀਪੀ 2014 ਵਿੱਚ 4.95 ਕਰੋੜ ਸੀ ਅਤੇ ਪਿਛਲੇ 10 ਸਾਲਾਂ ਵਿੱਚ ਇਹ ਲਗਭਗ ਢਾਈ ਗੁਣਾ ਵੱਧ ਕੇ 11.08 ਲੱਖ ਕਰੋੜ ਹੋ ਗਈ ਹੈ। 2014 ਵਿੱਚ ਪ੍ਰਤੀ ਵਿਅਕਤੀ ਆਮਦਨ 2.47 ਲੱਖ ਸਾਲਾਨਾ ਸੀ ਅਤੇ ਹੁਣ ਇਹ 4.62 ਲੱਖ ਹੋ ਗਈ ਹੈ। ਅਸੀਂ ਨਾ ਸਿਰਫ਼ ਕੇਜਰੀਵਾਲ ਸਰਕਾਰ ਦਾ 10ਵਾਂ ਬਜਟ ਪੇਸ਼ ਕੀਤਾ ਹੈ, ਸਗੋਂ 10 ਸਾਲਾਂ ਵਿਚ ਦਿੱਲੀ ਦੀ ਬਦਲਦੀ ਤਸਵੀਰ ਵੀ ਪੇਸ਼ ਕੀਤੀ ਹੈ।

# ਡਾ. ਸਰਬਜੀਤ ਸਿੰਘ ਬਣੇ ਪੰਜਾਬ ਲੋਕ ਸਾਹਿਤ ਅਕਾਦਮੀ ਦੇ ਪ੍ਰਧਾਨ

ਲੁਧਿਆਣਾ, 4 ਮਾਰਚ (ਗਿਆਨ ਸਿੰਘ): "ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ"ਦੀ ਵੱਕਾਰੀ ਚੋਣ ਵਿੱਚ ਸਾਡੀ ਸਮੁੱਚੀ ਟੀਮ ਦੀ ਬੇਮਿਸਾਲ ਜਿੱਤ ਹੋਈ ਹੈ।ਮਨਦੀਪ ਕੌਰ ਭੰਮਰਾ ਨੇ ਕਿਹਾ ਟੀਮ ਵਿੱਚ ਸ਼ਮੂਲੀਅਤ ਲਈ ਵਿਸ਼ੇਸ਼ ਤੌਰ 'ਤੇ ਟੀਮ ਦੇ ਆਗੂ ਡਾ. ਸੁਖਦੇਵ ਸਿੰਘ ਸਿਰਸਾ ਦੀ ਧੰਨਵਾਦੀ ਹਾਂ, ਜਿੰਨ੍ਹਾਂ ਨੇ ਆਪਣੀ ਸੁਯੋਗ ਟੀਮ ਦਾ ਹਿੱਸਾ ਬਣਨ ਦਾ ਮੌਕਾ ਦਿੱਤਾ। ਉਹਨਾਂ ਕਿਹਾ ਕਿ ਨਵੀਂ ਵੋਟ ਇਸ ਵਾਰ ਹੀ ਬਣੀ ਹੋਣ ਕਾਰਣ ਸਿੱਧੇ ਤੌਰ 'ਤੇ ਇਸ ਟੀਮ ਦਾ ਹਿੱਸਾ ਨਹੀ ਬਣ ਸਕੀ। ਉਹਨਾਂ ਆਪਣੇ ਵਿਚਾਰਾਂ ਕਰਕੇ ਆਪਣੀ ਹਰ ਸੰਭਵ ਕੋਸ਼ਿਸ਼ ਨਾਲ਼ ਇਸ ਟੀਮ ਦਾ ਹਿੱਸਾ ਬਣਕੇ, ਬਹੁਤ ਸਾਰੇ ਵੋਟਰਾਂ ਨਾਲ ਨਿੱਜੀ ਤੌਰ 'ਤੇ ਸੰਪਰਕ ਕੀਤਾ,ਜਿਹਨਾਂ ਨੇ ਸਹਿਯੋਗ ਦਿੱਤਾ ਉਹਨਾਂ ਸਭ ਦਾ ਧੰਨਵਾਦ ਹੈ। ਉਹਨਾਂ ਕਿਹਾ ਕਿ ਇਸ ਗੱਲ ਦਾ ਸਿਹਰਾ ਕੇਵਲ ਤੇ ਕੇਵਲ ਸਮੁੱਚੀ ਟੀਮ ਸਿਰ ਬੱਝਦਾ ਹੈ ਜਿਹਨਾਂ ਦੀ ਮਿਹਨਤ ਸਦਕਾ ਨਵੀਂ ਟੀਮ ਨੂੰ ਅੱਗੇ ਆਉਣ ਦਾ



ਮੌਕਾ ਮਿਲਿਆ।

ਡਾ. ਸਰਬਜੀਤ ਸਿੰਘ ਹੁਰਾਂ ਦੀ ਆਪਣੀ ਲਿਆਕਤ ਨੇ ਹੀ ਉਹਨਾਂ ਦੇ ਸਾਥੀਆਂ ਸਮੇਤ ਉਹਨਾਂ ਨੂੰ ਜਿੱਤ ਦਿਵਾਈ ਹੈ। ਹੁਣ ਡਾਕਟਰ ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਸਮੁੱਚੀ ਟੀਮ ਆਪਣਾ ਕਾਰਜ ਕਰੇਗੀ। ਭੰਮਰਾ ਨੇ ਕਿਹਾ ਕਿ ਯਕੀਨਨ ਇਸ ਟੀਮ ਦੀ ਸੁਹਿਰਦ ਸੋਚ ਭਵਿੱਖ ਵਿਚ ਆਪਣੇ ਅਗਲੇ ਕਾਰਜ ਕਰਾਂਗ। ਉਹਨਾਂ ਕਿਹਾ "ਚਿੰਤਨਸ਼ੀਲ ਸਾਹਿਤਧਾਰਾ" ਆਪਣੇ ਆਪ ਵਿੱਚ ਇੱਕ ਜ਼ਿੰਮੇਵਾਰ ਸੰਸਥਾ ਬਣ ਕੇ ਆਪਣੇ ਫ਼ਰਜ਼ ਪੂਰੇ ਕਰਦੇ ਹੋਏ ਅਕਾਡਮੀ ਦੀ ਸਹਿਯੋਗੀ ਬਣਕੇ ਭੂਮਿਕਾ ਨਿਭਾਏਗੀ।

## ਸਸਤੀਆਂ ਅਤੇ ਅਸਾਨ ਕਿਸ਼ਤਾਂ ਤੇ ਪ੍ਰਾਪਰਟੀਆਂ ਖਰੀਦਣ ਦੇ ਚਾਹਵਾਨ 8 ਮਾਰਚ ਤੋਂ ਪਹਿਲਾਂ ਕਰਵਾਉਣ ਰਜਿਸ਼ਟ੍ਰਸ਼ਨ : ਦੀਪਕ ਅਰੋੜਾ

ਮੋਗਾ, 4 ਮਾਰਚ (ਗਿਆਨ ਸਿੰਘ): ਨਗਰ ਸੁਧਾਰ ਟਰੱਸਟ ਮੋਗਾ ਵੱਲੋਂ ਆਪਣੀਆਂ ਪੂਰਨ ਤੌਰ ਤੇ ਵਿਕਸਤ ਅਤੇ ਬਿਹਤਰ ਸਕੀਮਾਂ ਵਿੱਚ ਮਨ ਪਸੰਦ ਦੀਆਂ ਰਿਹਾਇਸ਼ੀ ਅਤੇ ਵਪਾਰਕ ਜਾਇਦਾਦਾਂ ਪ੍ਰਾਪਤ ਕਰਕੇ ਨਵਾਂ ਰਿਹਾਇਸ਼ੀ/ਕਾਰੋਬਾਰ ਪ੍ਰਫੁੱਲਿਤ ਕਰਨ ਲਈ ਫ੍ਰੀ ਹੋਲਡ ਆਧਾਰ ਤੇ ਈ-ਆਕਸ਼ਨਟ ਪ੍ਰਣਾਲੀ ਰਾਹੀਂ ਜਾਇਦਾਦਾਂ ਦੀ ਬੋਲੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸੂਬੇਦਾਰ ਜੋਗਿੰਦਰ ਸਿੰਘ ਕੰਪਲੈਕਸ ਵਿੱਚ ਬਣੇ ਫੂਡ ਕੋਰਟਾਂ ਅਤੇ ਵੱਖ ਵੱਖ ਸਕੀਮਾਂ ਵਿੱਚ ਪਾਰਕਿਗਾਂ ਨੂੰ ਠੇਕੇ ਤੇ ਦੇਣ ਲਈ ਈ ਨਿਲਾਮੀ ਕੀਤੀ ਜਾ ਰਹੀ ਹੈ। ਇਸ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 8 ਮਾਰਚ, 2024 ਨਿਸ਼ਚਿਤ ਕੀਤੀ ਗਈ ਹੈ।



ਇਹ ਜਾਣਕਾਰੀ ਚੇਅਰਮੈਨ ਨਗਰ ਸੁਧਾਰ ਟਰਸ ਮੋਗਾ ਦੀਪਕ ਅਰੋੜਾ ਨੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਜੋ ਵੀ ਇਹ ਪ੍ਰਾਪਰਟੀਆਂ ਖਰੀਦਣ ਦੇ ਚਾਹਵਾਨ ਲੋਕ ਹਨ ਉਹ 8 ਮਾਰਚ ਤੋਂ ਪਹਿਲਾਂ ਪਹਿਲਾਂ ਦਫਤਰ ਦੇ ਪੋਰਟਲ https:www.mogaimprovementtrust.org 'ਤੇ ਰਜਿਸਟਰਡ ਹੋ ਸਕਦੇ ਹਨ। ਸਸਤੀਆਂ ਅਤੇ ਆਸਾਨ ਕਿਸ਼ਤਾਂ ਤੇ ਪ੍ਰਾਪਰਟੀਆਂ ਖ਼੍ਰੀਦਣ ਦੇ ਚਾਹਵਾਨਾਂ ਲਈ ਇਹ ਇੱਕ ਵਧੀਆ ਮੌਕਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਕਿਸੇ ਵੀ ਕੰਮਕਾਜ ਵਾਲੇ ਦਿਨ ਦਫ਼ਤਰ ਨਗਰ ਸੁਧਾਰ ਟਰੱਸਟ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਵੱਧ ਤੋਂ ਵੱਧ ਲੋਕਾਂ ਨੂੰ ਟਰੱਸਟ ਦੀਆਂ ਸਕੀਮਾਂ ਦਾ ਫ਼ਾਇਦਾ ਦੇਣਾ ਅਤੇ ਮੋਗੇ ਦੀ ਸੁੰਦਰਤਾ ਵਿੱਚ ਨਿਖਾਰ ਲਿਆਉਣਾ ਉਨ੍ਹਾਂ ਦਾ ਮੁੱਖ ਮਕਸਦ ਹੈ। ਟਰੱਸਟ ਕੋਲ ਠੇਕੇ ਅਤੇ ਕਿਰਾਏ ਤੇ ਦੇਣਯੋਗ ਜਾਇਦਾਦਾਂ ਵਿੱਚ ਸੂਬੇਦਾਰ ਜੋਗਿੰਦਰ ਸਿੰਘ ਕੰਪਲੈਕਸ ਵਿੱਚ ਬਣੀ ਪਾਰਕਿੰਗ, ਲਾਲ ਬਹਾਦਰ ਸ਼ਸ਼ਤਰੀ ਕੰਪਲੈਕਸ ਵਿੱਚ ਬਣੀ ਪਾਰਕਿੰਗ, ਐਸ.ਐਸ.ਐਫ. ਅੱਗੇ ਬਣੀ ਪਾਰਕਿੰਗ, ਰਾਜੀਵ ਗਾਂਧੀ ਸ਼ਾਪਿੰਗ ਕੰਪਲੈਕਸ ਵਿੱਚ ਬਣੀ ਪਾਰਕਿੰਗ ਆਦਿ ਸ਼ਾਮਿਲ ਹਨ।

# ਪੰਜਾਬ ਦੀ ਤਰੱਕੀ ਵਿਰੋਧੀਆਂ ਨੂੰ ਹਜ਼ਮ ਨਹੀਂ ਹੋ ਰਹੀ : ਮੁੱਖ ਮੰਤਰੀ ਭਗਵੰਤ ਮਾਨ

## ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਨੇਤਾਵਾਂ ਨੂੰ ਸੂਬੇ ਦੀ ਭੋਰਾ ਵੀ ਪ੍ਰਵਾਹ ਨਹੀਂ

ਚੰਡੀਗੜ੍ਹ, 4 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਰਾਜਪਾਲ ਦੇ ਭਾਸ਼ਣ ਤੋਂ ਭੱਜ ਜਾਣ ਲਈ ਵਿਰੋਧੀ ਧਿਰ 'ਤੇ ਜੰਮ ਕੇ ਵਰ੍ਹਦਿਆਂ ਕਿਹਾ ਕਿ ਅਸਲ ਵਿਚ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਕੀਤੇ ਜਾ ਰਹੇ ਉਪਰਾਲੇ ਵਿਰੋਧੀ ਪਾਰਟੀ ਦੇ ਵਿਧਾਇਕਾਂ ਨੂੰ ਹਜ਼ਮ ਨਹੀਂ ਹੋ ਰਹੇ। ਸਦਨ ਵਿਚ ਰਾਜਪਾਲ ਦੇ ਭਾਸ਼ਣ 'ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਨੇਤਾਵਾਂ ਨੂੰ ਸੂਬੇ ਦੀ ਭੋਰਾ ਵੀ ਪ੍ਰਵਾਹ ਨਹੀਂ ਸਗੋਂ ਇਹ ਲੋਕ ਕਿਸੇ ਨਾ ਕਿਸੇ ਢੰਗ ਨਾਲ ਸਿਆਸੀ ਚੌਧਰੀ ਬਣੇ ਰਹਿਣਾ ਚਾਹੁੰਦੇ ਹਨ।

ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਦੀ ਸਰਕਾਰ ਕਿਸਾਨਾਂ ਦੀ ਭਲਾਈ ਲਈ ਅਣਥੱਕ ਯਤਨ ਕਰ ਰਹੀ ਹੈ ਤਾਂ ਵਿਰੋਧੀ ਪਾਰਟੀ ਅੰਨਦਾਤਿਆਂ ਦੇ ਮੁੱਦਿਆਂ ਉਤੇ ਸਿਰਫ ਮਗਰਮੱਛ ਦੇ ਹੰਝੂ ਵਹਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲੀਡਰਾਂ ਦੇ ਸ਼ੱਕੀ ਕਿਰਦਾਰ ਕਰਕੇ ਇਨ੍ਹਾਂ ਨੂੰ ਸੂਬੇ ਦੇ ਲੋਕਾਂ ਨੇ ਮੂੰਹ ਨਹੀਂ ਲਾਇਆ ਅਤੇ ਹੁਣ ਅਗਾਮੀ ਲੋਕ ਸਭਾ ਚੋਣਾਂ ਵਿੱਚ ਵੀ ਇਹ ਪੰਜਾਬ ਵਾਸੀ ਇਨ੍ਹਾਂ ਨੂੰ ਸਬਕ ਸਿਖਾਉਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਸੂਬਾ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਬੇਮਿਸਾਲ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੂੰ ਲੋਕਾਂ ਦੀ ਭਲਾਈ ਜਾਂ ਲੋਕਾਂ ਦੀ ਖੁਸ਼ਹਾਲੀ ਨਾਲ ਕੋਈ ਲੈਣਾ-ਦੇਣਾ ਨਹੀਂ ਸਗੋਂ ਇਨ੍ਹਾਂ ਆਗੂਆਂ ਨੂੰ ਸਿਰਫ਼ ਸੱਤਾ ਹਾਸਲ ਕਰਨ ਦੀ ਚਿੰਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਲੋਕਾਂ ਦੀਆਂ ਮਾੜੀਆਂ ਨੀਤੀਆਂ ਨੇ ਸੂਬੇ ਦਾ ਭਵਿੱਖ ਤਬਾਹ ਕਰ ਦਿੱਤਾ ਹੈ। ਲੋਕਾਂ ਨੂੰ ਦੋ ਡੰਗ ਦੀ ਰੋਟੀ ਦਾ ਬੰਦੋਬਸਤ ਕਰਨ ਲਈ ਮਾਮੂਲੀ ਜਿਹੀਆਂ ਨੌਕਰੀਆਂ ਕਰਨੀਆਂ ਪਈਆਂ ਹਨ, ਜਦੋਂ ਕਿ ਇਨ੍ਹਾਂ ਲੋਕਾਂ ਨੇ ਆਪਣੇ ਪਿਓ-ਦਾਦਿਆਂ ਦੇ ਤਸਕਰੀ ਦੇ 'ਸੋਨੇ ਦੇ ਬਿਸਕੁਟਾਂ' ਦੇ ਸਹਾਰੇ ਜ਼ਿੰਦਗੀ ਦਾ ਆਨੰਦ ਮਾਣਿਆ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਸਰਕਾਰ ਨੇ ਇੱਕ ਵਾਰ ਵੀ ਇਹ ਨਹੀਂ ਕਿਹਾ ਕਿ ਸੂਬੇ ਦਾ ਖਜ਼ਾਨਾ ਖਾਲੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦਾ ਇਕ-ਇਕ ਪੈਸਾ ਲੋਕਾਂ ਦੀ ਭਲਾਈ ਲਈ ਸੂਝ-ਬੂਝ ਨਾਲ ਵਰਤਿਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਦੌਰਾਨ ਸੂਬੇ ਨੇ ਬੇਮਿਸਾਲ ਤਰੱਕੀ ਅਤੇ ਵਿਕਾਸ ਕੀਤਾ ਹੈ ਜਿਸ ਨੂੰ ਇਹ ਆਗੂ ਹਜ਼ਮ ਨਹੀਂ ਕਰ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਆਮ ਆਦਮੀ ਕਲੀਨਿਕ, ਤੀਰਥ ਯਾਤਰਾ ਯੋਜਨਾ, ਸਕੂਲ ਆਫ਼ ਐਮੀਨੈਂਸ, ਮੁਫ਼ਤ ਬਿਜਲੀ, ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਕਾਸ ਜਾਂ ਹੋਰ ਲੋਕ ਪੱਖੀ ਪਹਿਲਕਦਮੀਆਂ ਦੀ ਕੋਈ ਪ੍ਰਵਾਹ ਨਹੀਂ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਲਸੀ ਲੀਡਰਾਂ ਨੂੰ ਸਿਰਫ਼ ਸੱਤਾ ਦੀ ਭੁੱਖ ਹੈ ਕਿਉਂਕਿ ਇਹ ਲੋਕ ਇਸ ਤੋਂ ਬਿਨਾਂ ਨਹੀਂ ਰਹਿ ਸਕਦੇ ਅਤੇ ਵਿਰੋਧੀ ਧਿਰ ਵਿੱਚ ਰਹਿ ਕੇ ਇਨ੍ਹਾਂ ਦਾ ਗੁਜ਼ਾਰਾ ਹੁਣ ਬਹੁਤ ਔਖਾ ਹੋ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਦੀ ਨਿਰਾਸ਼ਾਜਨਕ ਕਾਰਗੁਜ਼ਾਰੀ ਤੋਂ ਤੰਗ ਆ ਕੇ ਲੋਕਾਂ ਨੇ ਸਾਲ 2022 ਵਿੱਚ ਗੈਰ-ਸਿਆਸੀ ਪਿਛੋਕੜ ਵਾਲੇ 95 ਫੀਸਦੀ ਲੋਕਾਂ ਨੂੰ ਆਪਣੇ ਵਿਧਾਇਕ ਚੁਣਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਨਿੱਜੀ ਕੰਪਨੀ ਦੇ ਜੀ.ਵੀ.ਕੇ. ਪਾਵਰ ਪਾਵਰ ਦੀ ਮਾਲਕੀ



ਵਾਲੇ ਗੋਇੰਦਵਾਲ ਪਾਵਰ ਪਲਾਂਟ ਨੂੰ ਖਰੀਦ ਕੇ ਸਫਲਤਾ ਦੀ ਨਵੀਂ ਕਹਾਣੀ ਲਿਖੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪਹਿਲੀ ਵਾਰ ਉਲਟਾ ਰੁਝਾਨ ਦੇਖਣ ਨੂੰ ਮਿਲਿਆ ਹੈ ਕਿਉਂਕਿ ਸਰਕਾਰ ਨੇ ਪ੍ਰਾਈਵੇਟ ਪਾਵਰ ਪਲਾਂਟ ਖਰੀਦਿਆ ਹੈ ਜਦਕਿ ਪਹਿਲਾਂ ਸੂਬਾ ਸਰਕਾਰਾਂ ਆਪਣੀਆਂ ਜਾਇਦਾਦਾਂ ਚਹੇਤੇ ਵਿਅਕਤੀਆਂ ਨੂੰ ਕੌਡੀਆਂ ਦੇ ਭਾਅ ਵੇਚਦੀਆਂ ਸਨ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਥਰਮਲ ਪਲਾਂਟ ਦਾ ਨਾਂ ਤੀਜੇ ਸਿੱਖ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਂ 'ਤੇ ਰੱਖਿਆ ਗਿਆ ਹੈ, ਜਿਨ੍ਹਾਂ ਨੇ ਆਪਣਾ ਜ਼ਿਆਦ-'ਤਰ ਸਮਾਂ ਗੋਇੰਦਵਾਲ ਸਾਹਿਬ ਵਿਖੇ ਬਿਤਾਇਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤੇ ਆਗੂ 'ਮੌਕਾਪ੍ਰਸਤ ਅਤੇ ਦਲ-ਬਦਲੂ' ਹਨ ਜੋ ਆਪਣੇ ਸਵਾਰਥਾਂ ਅਨੁਸਾਰ ਵਫ਼ਾਦਾਰੀ ਬਦਲ ਲੈਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਕਦੇ ਵੀ ਆਮ ਆਦਮੀ ਦੀ ਭਲਾਈ ਦੀ ਪ੍ਰਵਾਹ ਨਹੀਂ ਕੀਤੀ ਅਤੇ ਹਮੇਸ਼ਾ ਆਪਣੇ ਹਿੱਤਾਂ ਨੂੰ ਪਹਿਲ ਦਿੱਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਸਿਰਫ਼ ਆਪਣੀ ਹਾਈਕਮਾਨ ਨੂੰ ਖੁਸ਼ ਕਰਨ ਲਈ ਪੰਜਾਬ ਦਾ ਪੈਸਾ ਦੂਜੇ ਸੂਬਿਆਂ ਵਿੱਚ ਲੁਟਾ ਦਿੱਤਾ ਹੈ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਭਾਰੀ ਨੁਕਸਾਨ ਹੋਇਆ ਹੈ ਅਤੇ ਇਸ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ।

ਮੁੱਖ ਮੰਤਰੀ ਨੇ ਸਦਨ ਦੇ ਸਪੀਕਰ ਨੂੰ ਜਿੰਦਰਾ ਭੇਟ ਕਰਕੇ ਵਿਧਾਨ ਸਭਾ ਸਦਨ ਦੇ ਗੇਟ ਨੂੰ ਅੰਦਰੋਂ ਤਾਲਾ ਲਗਾਉਣ ਦੀ ਅਪੀਲ ਕੀਤੀ ਤਾਂ ਜੋ ਵਿਰੋਧੀ ਧਿਰ ਬਾਹਰ ਨਾ ਜਾ ਸਕੇ। ਉਨ੍ਹਾਂ ਕਿਹਾ, "ਰਾਜਪਾਲ ਦੇ ਭਾਸ਼ਣ ਦੌਰਾਨ ਵਿਰੋਧੀ ਧਿਰ ਸਦਨ ਤੋਂ ਭੱਜ ਗਈ ਸੀ, ਸਦਨ ਦੇ ਨਿਗਰਾਨ ਵਜੋਂ ਸਪੀਕਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਵਿਰੋਧੀ ਧਿਰ ਸਦਨ ਤੋਂ ਨਾ ਭੱਜੇ। ਵਿਰੋਧੀ ਧਿਰ ਨੂੰ ਰੋਜ਼ਾਨਾ ਕਿਸੇ ਨਾ ਕਿਸੇ ਬਹਾਨੇ ਸਦਨ ਤੋਂ ਭੱਜਣ ਦੀ ਆਦਤ ਹੈ, ਜਿਸ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ ਕਿਉਂਕਿ ਇਹ ਸਦਨ ਦਾ ਮਜ਼ਾਕ ਹੈ।" ਉਨ੍ਹਾਂ ਕਿਹਾ ਕਿ ਜਮਹੂਰੀਅਤ ਦੇ ਸਮੁੱਚੇ ਇਤਿਹਾਸ ਵਿੱਚ ਸਪੀਕਰ ਨੂੰ ਕਦੇ ਵੀ ਕਿਸੇ ਨੇ ਅਜਿਹਾ ਤੋਹਫਾ ਨਹੀਂ ਦਿੱਤਾ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਇਨ੍ਹਾਂ ਆਗੂਆਂ ਨੂੰ ਸਦਨ ਦੀ ਕਾਰਵਾਈ ਦੌਰਾਨ ਭੱਜਣ ਲਈ ਨਹੀਂ ਚੁਣਿਆ, ਸਗੋਂ ਇਨ੍ਹਾਂ ਨੂੰ ਬਹਿਸਾਂ ਵਿੱਚ ਹਿੱਸਾ ਲੈਣ ਲਈ ਚੁਣਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਜਮਹੂਰੀਅਤ ਨੂੰ ਬਚਾਉਣ ਦਾ ਇਕੋ-ਇਕ ਮਕਸਦ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to rgidda@allseas.net












# ਪੰਜਾਬ ਯੂਨੀਵਰਸਿਟੀ ਕੰਸਟੀਚੁਐਂਟ ਕਾਲਜ, ਮੋਹਕਮ-ਖਾਂ-ਵਾਲਾ ਵਿਖੇ ਦੂਜੀ ਸਾਲਾਨਾ ਐਥਲੈਟਿਕ ਮੀਟ ਦਾ ਆਯੋਜਨ

ਫਿਰੋਜ਼ਪੁਰ, 4 ਮਾਰਚ (ਗਿਆਨ ਸਿੰਘ): ਸਥਾਨਕ ਪੰਜਾਬ ਯੂਨੀਵਰਸਿਟੀ ਕੰਸਟੀਚੁਐਂਟ ਕਾਲਜ, ਮੋਹਕਮ-ਖਾਂ-ਵਾਲਾ ਵਿਖੇ ਦੂਜੀ ਐਥਲੈਟਿਕ ਮੀਟ ਕਰਵਾਈ ਗਈ, ਜਿਸ ਵਿੱਚ ਕਾਲਜ ਦੇ ਸਾਰੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਐਥਲੈਟਿਕ ਮੀਟ ਦਾ ਆਰੰਭ ਯੂਨੀਵਰਸਿਟੀ ਐਂਥਮ ਨਾਲ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਐਨ.ਆਰ ਸ਼ਰਮਾ ਵੱਲੋਂ ਆਏ ਹੋਏ ਮੁੱਖ ਮਹਿਮਾਨ ਅਤੇ ਪਹੁੰਚੀਆਂ ਹੋਰ ਸਨਮਾਨਯੋਗ ਸ਼ਖਸੀਅਤਾਂ ਨੂੰ ਜੀ ਆਇਆਂ ਆਖਿਆ ਗਿਆ।

ਇਸ ਮੌਕੇ ਮੁੱਖ ਮਹਿਮਾਨ ਸ੍ਰੀ ਰਾਜੇਸ਼ ਧੀਮਾਨ ਵਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ ਕਾਲਜ

**ਡੀ.ਸੀ. ਰਾਜੇਸ਼ ਧੀਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ**

ਵਿਦਿਆਰਥੀਆਂ ਵਲੋਂ ਵੱਖ-ਵੱਖ ਟੁੱਕੜੀਆ ਵਿੱਚ ਮਾਰਚ ਪਾਸਟ ਦਾ ਪ੍ਰਦਰਸ਼ਨ ਕੀਤਾ ਗਿਆ ਤੇ ਮੁੱਖ ਮਹਿਮਾਨ ਵਲੋ ਸਲਾਮੀ ਲਈ ਗਈ। ਇਸ ਮੌਕੇ ਰਾਜੇਸ਼ ਧਿਮਾਨ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੇ ਕਾਲਜ ਪ੍ਰਿੰਸੀਪਲ,ਸਟਾਫ਼ ਤੇ ਵਿਦਿਆਰਥੀਆਂ ਦੀ ਸਲਾਘਾ ਕਰਦਿਆਂ ਇਸ ਐਥਲੈਟਿਕ ਮੀਟ ਦੀ ਸਫਲਤਾ ਲਈ ਮੁਬਾਰਕਬਾਦ ਦਿੱਤੀ ਅਤੇ ਲਾਇਬ੍ਰੇਰੀ ਦੀਆਂ ਕਿਤਾਬਾਂ ਲਈ 2.50 ਲੱਖ ਰੁਪਏ ਅਤੇ ਉਪਨ ਜਿੰਮ ਲਈ 2.50 ਲੱਖ ਰੁਪਏ ਦੀ ਰਾਸ਼ੀ

ਦੇਣ ਦੇ ਵਾਅਦੇ ਨਾਲ ਭਵਿੱਖ ਵਿੱਚ ਅਗਨੀਵੀਰ ਭਰਤੀ ਸੈਂਟਰ ਸ਼ੁਰੂ ਕਰਨ ਦਾ ਐਲਾਨ ਵੀ ਕੀਤਾ ਇਸ ਤੋਂ ਇਲਾਵਾ ਉਹਨਾਂ ਨੇ ਮਨਰੇਗਾ ਸਕੀਮ ਅਧੀਨ ਪੌਦੇ ਦੇਣ ਦੇ ਵਾਅਦੇ ਨਾਲ ਭਵਿੱਖ



ਵਿੱਚ ਵੀ ਕਾਲਜ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ। ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਜਿਵੇਂ ਕਿ 200 ਮੀਟਰ, 400 ਮੀਟਰ, 800 ਮੀਟਰ ਦੋੜਾਂ ਤੋ ਇਲਾਵਾ ਸ਼ਾਟ-ਪੁੱਟ, ਜੈਵਲਿਨ-ਥ੍ਰੋਂ, ਰਿਲੈਅ-ਰੇਸ, ਰੱਸਾ-ਕੱਸੀ, ਥ੍ਰੀ-ਲੈਂਗ ਰੇਸ ਆਦਿ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਐਨ.ਆਰ. ਸ਼ਰਮਾ ਵੱਲੋਂ ਆਏ ਹੋਏ ਮੁੱਖ ਮਹਿਮਾਨ ਅਤੇ ਸਨਮਾਨ ਯੋਗ ਸ਼ਖਸੀਅਤਾਂ ਨੂੰ ਯਾਦਗਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰੋਫੈਸਰ ਮੁਕੇਸ਼ ਔਰੜਾ ਸੈਨਟ ਸਿੰਡੀਕੇਟ ਮੈਂਬਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਸ੍ਰੀ ਅਸ਼ੋਕ ਬਹਿਲ ਸੈਕਟਰੀ ਰੈਡ ਕਰਾਸ ਫਿਰੋਜ਼ਪੁਰ ਅਤੇ ਚਾਂਦ ਪ੍ਰਕਾਸ਼ ਚੋਣ ਤਹਿਸੀਲਦਾਰ ਨੇ ਵਿਸ਼ੇਸ਼ ਤੋਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ,ਕਾਲਜਾਂ ਦੇ ਪ੍ਰਿੰਸੀਪਲ, ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ ਦੇ ਖਿਡਾਰੀਆਂ, ਇਲਾਕੇ ਦੇ ਪੰਚ-ਸਰਪੰਚ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਭਾਜਪਾ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਵਲੋਂ ਪਟਿਆਲਾ 'ਚ ਨਾਰੀ ਸ਼ਕਤੀ ਵੰਦਨ ਮੈਰਾਥਨ ਦਾ ਆਯੋਜਨ

ਪਟਿਆਲਾ, 4 ਮਾਰਚ (ਗਿਆਨ ਸਿੰਘ): ਪੰਜਾਬ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਦੀ ਅਗਵਾਈ ਵਿੱਚ ਅੱਜ ਪਟਿਆਲਾ ਵਿਖੇ ਔਰਤਾਂ ਦੀ ਸਸ਼ਕਤੀਕਰਨ ਲਈ ਮੋਦੀ ਸਰਕਾਰ ਵਲੋਂ ਕੀਤੇ ਜਾ ਰਹੇ ਕੰਮਾਂ ਦੇ ਪ੍ਰਸਾਰ ਲਈ ਨਾਰੀ ਸ਼ਕਤੀ ਵੰਦਨ ਮੈਰਾਥਨ ਦਾ ਆਯੋਜਨ ਕੀਤਾ ਗਿਆ। ਇਸ ਮੈਰਾਥਨ ਵਿੱਚ ਪਟਿਆਲਾ ਜ਼ਿਲ੍ਹਾ ਮਹਿਲਾ ਮੋਰਚਾ ਦੀ ਟੀਮਾਂ ਅਤੇ ਪਟਿਆਲਾ ਦੀ ਵੱਖ ਵੱਖ ਸਮਾਜਿਕ ਸੰਸਥਾਵਾਂ ਨੇ ਹਿੱਸਾ ਲਿਆ।

ਮੈਰਾਥਨ ਵਿੱਚ ਹਿੱਸਾ ਲੈ ਰਹੇ ਲੋਕਾਂ ਨੂੰ ਸੰਬੋਧਨ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ, "ਅੱਜ ਪ੍ਰਧਾਨ ਮੰਤਰੀ ਮੋਦੀ ਜੀ ਦੀ ਅਗਵਾਈ ਵਿੱਚ ਸਾਡੇ ਦੇਸ਼ ਦੀਆਂ ਔਰਤਾਂ ਨੂੰ ਸਮਰਪਿਤ ਕਈ ਯੋਜਨਾਵਾਂ ਕੇਂਦਰ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਹਨ, ਜਿਸ ਵਿੱਚ ਉੱਜਵਲਾ ਯੋਜਨਾ, ਸੁਕੰਨਿਆ ਸਮ੍ਰਿਧੀ ਯੋਜਨਾ, ਉੱਜਵਲਾ ਯੋਜਨਾ, ਮੁਦਰਾ ਲੋਨ ਯੋਜਨਾ, ਡਰੋਨ ਦੀਦੀ ਯੋਜਨਾ, ਲਖਪਤੀ ਯੋਜਨਾ ਆਦਿ ਯੋਜਨਾਵਾਂ ਹਨ। ਸਾਡੇ ਦੇਸ਼ ਦੀ ਔਰਤਾਂ ਦੇ ਜੀਵਨ ਵਿੱਚ ਤਬਦੀਲੀ



ਲਿਆਉਣ ਅਤੇ ਉਨ੍ਹਾਂ ਨੂੰ ਸਸ਼ਕਤ ਬਣਾਉਣ ਲਈ ਸਾਡੇ ਮਾਨਯੋਗ ਪ੍ਰਧਾਨਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਪੂਰੀ ਤਰ੍ਹਾਂ ਨਾਲ ਸਮਰਪਿਤ ਹਨ। ਉਹ ਨਾ ਸਿਰਫ਼ ਔਰਤਾਂ ਦੇ ਵਿਕਾਸ ਨੂੰ ਸਮਰਪਿਤ ਹੈ, ਸਗੋਂ ਇਹ ਵੀ ਚਾਹੁੰਦੇ ਹਨ ਕਿ "ਮਹਿਲਾਵਾਂ ਦੀ ਅਗਵਾਈ ਵਿੱਚ ਹੀ ਵਿਕਾਸ ਹੋਣਾ ਚਾਹੀਦਾ ਹੈ।" ਪੰਜਾਬ ਮਹਿਲਾ ਮੋਰਚਾ ਪ੍ਰਧਾਨ ਬੀਬਾ ਜੈ ਇੰਦਰ ਕੌਰ ਨੇ ਕਿਹਾ, "ਪ੍ਰਧਾਨਮੰਤਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਵਾਲੀ ਸਰਕਾਰ ਨੇ ਔਰਤਾਂ ਲਈ 33% ਰਾਖਵਾਂਕਰਨ ਲਿਆ ਕਿ, ਔਰਤਾਂ ਦੀ ਸੰਸਦ ਵਿੱਚ ਸਹੀ ਨੁਮਾਇੰਦਗੀ ਨੂੰ ਵੀ ਯਕੀਨੀ ਬਣਾਇਆ ਹੈ ਅਤੇ ਇਸ ਲਈ ਅਸੀਂ ਉਨ੍ਹਾਂ ਦੇ ਦਿਲੋਂ ਧੰਨਵਾਦੀ ਹਾਂ।"

ਜੈ ਇੰਦਰ ਕੌਰ ਨੇ ਅੱਗੇ ਕਿਹਾ, "ਔਰਤਾਂ ਦੀ ਇਸ ਦ੍ਰਿੜ ਭਾਵਨਾ ਨੂੰ ਪ੍ਰਦਰਸ਼ਿਤ ਕਰਨ ਲਈ, ਅੱਜ ਪਟਿਆਲਾ ਜ਼ਿਲ੍ਹੇ ਸਮੇਤ ਪੂਰੇ ਪੰਜਾਬ ਦੀਆਂ ਔਰਤਾਂ ਨੇ ਅੱਗੇ ਆ ਕੇ ਇਸ ਮਹਿਲਾ ਸ਼ਕਤੀ ਵੰਦਨ ਪ੍ਰੋਗਰਾਮ ਦੇ ਤਹਿਤ ਮੈਰਾਥਨ ਦੌੜ ਵਿੱਚ ਹਿੱਸਾ ਲਿਆ ਅਤੇ ਪ੍ਰਧਾਨ ਮੰਤਰੀ ਦਾ ਔਰਤਾਂ ਪ੍ਰਤੀ ਉਨ੍ਹਾਂ ਦੇ ਦ੍ਰਿਸ਼ਟੀਕੋਣ ਦਾ ਧੰਨਵਾਦ ਕੀਤਾ। ਸਾਡੀ ਔਰਤਾਂ ਇਸ ਗੱਲ ਲਈ ਵਚਨਬੱਧ ਹਨ ਕਿ ਉਹ ਨਰਿੰਦਰ ਮੋਦੀ ਜੀ ਨੂੰ ਮੁੜ ਤੋਂ ਦੇਸ਼ ਦਾ ਪ੍ਰਧਾਨਸੇਵਕ ਬਣਾਉਣਾ ਚਾਹੁੰਦੀਆਂ ਹਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਮਜੂਦਾ ਸਥਿਤੀ ਦੇ ਮੱਦੇਨਜ਼ਰ ਭਾਰਤ ਦੀਆਂ ਖੇਤੀ ਨੀਤੀਆਂ ਵਿੱਚ ਸੁਧਾਰ ਉੱਤੇ ਸਰਵੇਖਣ

ਅਮਨਪ੍ਰੀਤ ਸਿੰਘ ਛੀਨਾ

ਖੇਤੀਬਾੜੀ ਸੈਕਟਰ ਦੇ ਵਿਕਾਸ ਲਈ ਠੋਸ ਨੀਤੀਆਂ ਅਤੇ ਬੁਨਿਆਦੀ ਢਾਂਚੇ ਦੀ ਲੋੜ ਹੁੰਦੀ ਹੈ। ਹਾਲਾਂਕਿ, ਭਾਰਤ ਦੇ ਉੱਤਰੀ ਰਾਜਾਂ ਨੂੰ ਖੇਤੀਬਾੜੀ ਖਿੱਤੇ ਵਿਭਿੰਨ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਵਿੱਚ ਪੰਜਾਬ ਅਤੇ ਹਰਿਆਣਾ ਵਿੱਚ ਛੋਟੀਆਂ ਜ਼ਮੀਨਾਂ ਤੋਂ ਲੈ ਕੇ ਰਾਜਸਥਾਨ ਵਿੱਚ ਪਾਣੀ ਦੀ ਕਮੀ, ਜੰਮੂ ਅਤੇ ਕਸ਼ਮੀਰ ਵਿੱਚ ਅਸਥਿਰਤਾ, ਪੰਜਾਬ, ਰਾਜਿਸਥਾਨ ਅਤੇ ਜੰਮੂ ਅਤੇ ਕਸ਼ਮੀਰ ਰਾਜਾਂ ਦਾ ਬਾਡਰ ਨਾਲ ਜੁੜਨਾ ਆਦਿ ਸ਼ਾਮਲ ਹਨ। ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਸਹਿਕਾਰਤਾ ਮੰਤਰਾਲੇ (2021) ਦੇ ਅਨੁਸਾਰ, ਦੇਸ਼ ਦੀ ਔਸਤ ਕਾਰਜਸ਼ੀਲ ਹੋਲਡਿੰਗ 1.08 ਹੈਕਟੇਅਰ (2.67 ਏਕੜ) ਹੈ। ਇਹਨਾਂ ਅਸਮਾਨਤਾਵਾਂ ਦੇ ਮੱਦੇਨਜ਼ਰ, ਰਣਨੀਤਕ ਤੌਰ 'ਤੇ ਖੇਤੀ-ਉਦਯੋਗਿਕ ਵਪਾਰ ਅਤੇ ਪ੍ਰੋਸੈਸਿੰਗ ਹੱਬਾਂ ਨੂੰ ਅਰਥਵਿਵਸਥਾ ਵਿੱਚ ਜੋੜਨਾ ਹੋਰ ਵੀ ਮਹੱਤਵਪੂਰਨ ਬਣ ਜਾਂਦਾ ਹੈ।

ਭਾਰਤ ਵਿੱਚ, ਜਿੱਥੇ 60% ਆਬਾਦੀ ਖੇਤੀਬਾੜੀ ਖੇਤਰ ਉੱਤੇ ਨਿਰਭਰ ਕਰਦੀ ਹੈ, ਇਸ ਲਈ ਖੇਤੀਬਾੜੀ ਦੇ ਵਿਕਾਸ ਨੂੰ ਵਧਾਉਣਾ ਹੋਰ ਵੀ ਜਰੂਰੀ ਬਣ ਜਾਂਦਾ ਹੈ। ਹਲਾਤਾਂ ਨੂੰ ਸਮਝਦੇ ਹੋਏ, ਵਿਸ਼ੇਸ਼ ਆਰਥਿਕ ਜ਼ੋਨਾਂ () ਦੇ ਅੰਦਰ ਖੇਤੀ-ਵਪਾਰ ਅਤੇ ਫੂਡ ਪ੍ਰੋਸੈਸਿੰਗ ਹੱਬਾਂ ਦੀ ਸਥਾਪਨਾ ਭਾਰਤ ਦੇ ਖੇਤੀਬਾੜੀ ਭਵਿੱਖ ਲਈ ਇੱਕ ਰਣਨੀਤਕ ਪਹਿਲਕਦਮੀ ਵਜੋਂ ਉੱਭਰਨੀ ਚਾਹੀਦੀ ਹੈ। ਪਰ ਇਹਨਾਂ ਰਾਜਾਂ ਦਾ ਸਮੁੰਦਰੀ ਬੰਦਰਗਾ ਤੋਂ ਦੂਰ ਹੋਣ ਕਰਕੇ ਬਹੁਤ ਵਿਕਾਸ ਨਹੀਂ ਹੋ ਸਕਿਆ ਅਤੇ ਨਾਂ ਹੀ ਕੋਈ ਖੇਤੀਬਾੜੀ ਨਿਰਧਾਰਿਤ ਇਹਨਾਂ ਰਾਜਾਂ ਵਿੱਚ ਸਥਾਪਿਤ ਹੋਏ ਹਨ, ਜਿਸ ਨਾਲ ਇਹਨਾਂ ਰਾਜਾਂ ਦਾ ਆਰਥਿਕ ਵਿਕਾਸ ਨਹੀਂ ਹੋਇਆ ਹੈ । ਆਉਣ ਵਾਲੇ ਸਮੇ ਵਿੱਚ ਆਸ ਕੀਤੀ ਜਾਂਦੀ ਹੈ ਕਿ ਇਹਨਾਂ ਰਾਜਾਂ ਦੀਆਂ ਸਰਕਾਰਾਂ ਅਤੇ ਕੇਂਦਰ ਸਰਕਾਰ ਮਿਲਕੇ ਰਣਨੀਤੀ ਹੇਠ ਖੇਤੀਬਾੜੀ ਸੰਬੰਧਿਤ ਨੂੰ ਖੋਲਕੇ ਭਾਰਤਮਾਲਾ ਰੋਡ ਨੈੱਟਵਰਕ ਨਾਲ ਜੋੜਦਿਆਂ ਘਰੇਲੂ ਉਤਪਾਦ ਅਤੇ ਰਾਜਾਂ ਦੇ ਆਪਸੀ ਸੰਪਰਕ ਨੂੰ ਮਜਬੂਤ ਕਰਨ ਵਿੱਚ ਕਾਮਜਾਬ ਹੋਣਗੀਆਂ । ਮੌਜੂਦਾ ਅੰਤਰਰਾਸ਼ਟਰੀ ਰਾਜਨੀਤਿਕ ਜਟਿਲਤਾਵਾਂ ਨੂੰ ਸਵੀਕਾਰ ਕਰਦੇ ਹੋਏ, ਅਸੀਂ ਸਮਝਦੇ ਹਾਂ ਕਿ ਭਾਰਤਮਾਲਾ ਰੋਡ ਨੈੱਟਵਰਕ ਨੂੰ ਪ੍ਰਾਚੀਨ ਸਿਲਕ ਰੋਡ ਨਾਲ ਜੋੜਨਾ ਅੱਜ ਸੰਭਵ ਨਹੀਂ ਹੈ । ਪਰ ਆਉਣ ਵਾਲੇ ਸਮੇ ਵਿੱਚ ਜੇਕਰ ਭਾਰਤ ਪਾਕਿਸਤਾਨ ਰਹੀ ਪ੍ਰਾਚੀਨ ਸਿਲਕ ਰੋਡ ਨੂੰ ਆਪਣੇ ਭਾਰਤਮਾਲਾ ਰੋਡ ਨੈੱਟਵਰਕ ਨਾਲ ਜੋੜਨ ਵਿੱਚ ਕਾਮਜਾਬ ਹੁੰਦਾ ਹੈ ਤਾਂ ਮੱਧ ਏਸ਼ੀਆ ਅਤੇ ਯੂਰੋਪੀਅਨ ਮੁਲਕਾਂ ਨਾਲ ਵਪਾਰ ਖੁੱਲ੍ਹੇਗਾ ਅਤੇ ਜਿਸਦਾ ਸਿੱਧਾ ਫਾਇਦਾ ਪੰਜਾਬ, ਹਰਿਆਣਾ, ਹਿਮਾਚਲ, ਰਾਜਿਸਥਾਨ, ਉੱਤਰ ਪ੍ਰਦੇਸ਼ ਆਦਿ ਰਾਜਾਂ ਨੂੰ ਹੋਵੇਗਾ ਅਤੇ ਭਾਰਤੀ ਅਰਥ ਵਿਵਸਥਾ 10 ਟ੍ਰਿਲੀਅਨ ਡਾਲਰ ਵਿੱਚ ਯਕੀਨੀ ਦਾਖ਼ਲ ਹੋ ਜਾਵੇਗੀ।

ਮਜੂਦਾ ਹਲਾਤਾਂ ਵਿੱਚ ਉੱਤਰੀ ਰਾਜਾਂ ਤੋਂ ਵੱਡੇ ਪੱਧਰ 'ਤੇ ਪ੍ਰਵਾਸ ਕਾਰਨ ਖੇਤੀਬਾੜੀ ਸਿੱਖਿਆ ਸੰਸਥਾਵਾਂ ਇੱਕ ਚੁਣੌਤੀ ਵਿਚੋਂ ਨਿਕਲ ਰਹੀਆਂ ਹਨ, ਜਿਸ ਕਾਰਨ ਬਹੁਤ ਵਿਦਿਆਰਥੀ ਜਾਂ ਤਾਂ ਖੇਤੀਬਾੜੀ ਵਿਸ਼ਾ ਨਹੀਂ ਚੁਣਦੇ ਜਾਂ ਵਿਦੇਸ਼ੀ ਵਿਧਿਅਕ ਅਦਾਰਿਆਂ ਵਿੱਚ ਦਾਖ਼ਲਾ ਲੈ ਲੈਂਦੇ ਹਨ। ਇਸ ਸਮਸਿਆ ਨੂੰ ਸਮਝਦੇ ਹੋਏ, ਹਰ ਰਾਜ ਸਰਕਾਰ ਨੂੰ ਆਪਣੇ ਸਕੂਲਾਂ ਵਿੱਚ ਗਿਆਰਵੀਂ ਤੋਂ ਖੇਤੀਬਾੜੀ ਵਿਸ਼ੇ ਨੂੰ ਖੇਤਰੀ ਭਾਸ਼ਾ ਵਿੱਚ ਪੜ੍ਹਾਉਣ ਦੀ ਜਰੂਰਤ ਹੈ, ਤਾਂ ਜੋ ਬੱਚਿਆਂ ਦੀ ਰੁਚੀ ਖੇਤੀਬਾੜੀ ਵਿਸ਼ੇ ਵਿਚ ਬਣੀ ਰਹੇ ਅਤੇ ਉਹ ਆਪਣੇ ਪੂਰਵਕਾਂ ਦੇ ਕਿੱਤੇ ਨਾਲ ਪੱਕੇ ਤੌਰ ਤੇ ਜੁੜੇ ਰਹਿਣ। ਆਧੁਨਿਕ ਖੇਤੀ ਦੀਆਂ ਉੱਭਰਦੀਆਂ ਚੁਣੌਤੀਆਂ ਨੂੰ ਸਮਝਦਿਆਂ ਆਪਣੀ ਨਵੀ ਪੀੜ੍ਹੀ ਇਹਨਾਂ ਖੇਤੀਬਾੜੀ ਸਿੱਖਿਆ ਸੰਬੰਧਿਤ ਵਿਸ਼ਿਆਂ ਵਿੱਚ ਦਾਖਲੇ ਲੈਕੇ ਉੱਚ ਮਹਾਰਤ ਪ੍ਰਾਪਤ ਕਰੇ ਅਤੇ ਖੇਤੀ ਦੇ ਕਿੱਤੇ ਨੂੰ ਇਕ ਕਾਮਜਾਬ ਕਿੱਤਾ ਬਣਾਵੇ । ਖੇਤੀਬਾੜੀ ਸਿੱਖਿਆ ਵਿੱਚ ਰੁਚੀ ਵਧਾਉਣ ਲਈ ਰਾਜ ਸਰਕਾਰਾਂ ਨੂੰ ਖੇਤੀਬਾੜੀ ਅਧਿਐਨ ਨੂੰ ਅੱਗੇ ਵਧਾਉਣ ਅਤੇ ਖੇਤਰ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਵਿੱਚ ਦਿਲਚਸਪੀ ਰੱਖਣ ਵਾਲੇ ਵਿਦਿਆਰਥੀਆਂ ਨੂੰ ਵਜ਼ੀਫੇ ਦੀ ਪੇਸ਼ਕਸ਼ ਕਰਨੀ ਚਾਹੀਦੀ ਹੈ। ਜੇਕਰ ਸਰਕਾਰਾਂ ਇਸ ਵਿੱਚ ਕਾਮਜਾਬ ਹੁੰਦੀਆਂ ਹਨ ਤਾਂ ਆਪਣੇ ਬੱਚੇ ਆਉਣ ਵਾਲੇ ਸਮੇ ਦੇ ਹਾਣੀ ਬਣਕੇ ਇਸ ਕਿੱਤੇ ਨੂੰ ਮਜੂਦਾ ਦਲਦਲ ਵਿਚੋਂ ਕੱਢਣ ਵਿੱਚ ਕਾਮਜਾਬ ਹੋ ਸਕਦੇ ਹਨ।

ਹਰੇਕ ਰਾਜ ਸਰਕਾਰ ਨੂੰ ਆਪਣੇ ਖੇਤਰ ਦੀਆਂ ਵਿਲੱਖਣ ਚੁਣੌਤੀਆਂ ਨਾਲ ਨਜਿੱਠਣ ਲਈ ਇੱਕ ਮਜ਼ਬੂਤ ਖੇਤੀਬਾੜੀ ਨੀਤੀ ਤਿਆਰ ਕਰਨੀ ਚਾਹੀਦੀ ਹੈ। ਇਸ ਪ੍ਰਕਿਰਿਆ ਵਿੱਚ ਰਾਜਨੀਤਿਕ ਪਾਰਟੀਆਂ ਅਤੇ ਰਾਜ



ਕਿਸਾਨ ਯੂਨੀਅਨਾਂ ਸਮੇਤ ਸਾਰੇ ਸਬੰਧਤ ਹਿੱਸੇਦਾਰਾਂ ਨਾਲ ਡੂੰਘਾਈ ਨਾਲ ਸਲਾਹ ਮਸ਼ਵਰਾ ਕਰਨਾ ਚਾਹੀਦਾ ਹੈ। ਪੂਰੀ ਤਰ੍ਹਾਂ ਲਾਗੂ ਹੋਣ ਤੋਂ ਪਹਿਲਾਂ, ਪ੍ਰਸਤਾਵਿਤ ਨੀਤੀਆਂ ਦੀ ਕੁਸ਼ਲਤਾ ਨੂੰ ਪਰਖਣ ਲਈ ਪਾਇਲਟ ਪ੍ਰੋਜੈਕਟ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ। ਇਸ ਤੋਂ ਇਲਾਵਾ, ਭਾਰਤ ਸਰਕਾਰ ਨੂੰ ਦੇਸ਼ ਭਰ ਵਿੱਚ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਵਿਆਪਕ ਕਾਨੂੰਨ ਪੇਸ਼ ਕਰਨੇ ਚਾਹੀਦੇ ਹਨ, ਤਾਂ ਜੋ ਇਹ ਯਕੀਨੀ ਬਣਾਇਆ ਜਾਵੇਕਿ ਕਿਸਾਨ ਆਪਣੀਆਂ ਫਸਲਾਂ ਵੇਚਣ ਵੇਲੇ ਘੱਟੋ-ਘੱਟ ਸਮਰਥਨ ਮੁੱਲ () ਜਰੂਰ ਪ੍ਰਾਪਤ ਕਰੇਗਾ । ਜਿਸ ਨਾਲ ਕਿਸਾਨ ਖੁਸ਼ਹਾਲ ਜਿੰਦਗੀ ਬਸਰ ਕਰਦਿਆਂ ਆਪਣੇ ਬੱਚੇ ਇਜ਼ਤ ਨਾਲ ਪਾਲ ਸਕੇ ।

ਭਾਰਤ ਸਰਕਾਰ ਦਾ ਮਿਤੀ 9 ਦਸੰਬਰ, 2021 ਨੂੰ ਸੰਯੁਕਤ ਕਿਸਾਨ ਮੋਰਚਾ () ਨਾਲ ਹਸਤਾਖਰ ਕੀਤੇ ਗਏ ਸਮਝੌਤੇ ਵਿੱਚ ਦਰਸਾਏ ਅਨੁਸਾਰ, ਕਿਸਾਨਾਂ ਪ੍ਰਤੀ ਆਪਣੀਆਂ ਵਚਨਬੱਧਤਾਵਾਂ ਨੂੰ ਬਰਕਰਾਰ ਰੱਖਣਾ ਅਤੀ ਜਰੂਰੀ ਹੈ। ਇਹਨਾਂ ਵਚਨਬੱਧਤਾਵਾਂ ਨੂੰ ਪੂਰਾ ਕਰਨ ਵਿੱਚ ਅਸਫਲਤਾ ਨਾ ਸਿਰਫ ਕਿਸਾਨਾਂ ਦੀ ਆਰਥਿਕ ਸੁਰੱਖਿਆ ਨੂੰ ਕਮਜ਼ੋਰ ਕਰੇਗੀ ਬਲਕਿ ਸਰਕਾਰ ਅਤੇ ਸਿਆਸੀ ਪਾਰਟੀਆਂ ਪ੍ਰਤੀ ਵਿਸ਼ਵਾਸ ਅਤੇ ਏਕਤਾ ਨੂੰ ਵੀ ਖਤਮ ਕਰ ਸਕਦੀ ਹੈ। ਕੁਝ "ਮਾਹਿਰਾਂ" ਅਤੇ ਮੀਡੀਆ ਸੰਪਾਦਕੀ ਦੁਆਰਾ ਪ੍ਰਚਾਰਿਆ ਗਿਆ ਦਲੀਲ, ਦਾਅਵਾ ਕਰਦਾ ਹੈ ਕਿ ਸਾਰੀਆਂ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਦੀ ਖਰੀਦ ਲਈ ਕਾਨੂੰਨੀ ਗਾਰੰਟੀ ਪ੍ਰਦਾਨ ਕਰਨਾ ਵਿੱਤੀ ਤਬਾਹੀ ਦਾ ਕਾਰਨ ਬਣ ਸਕਦਾ ਹੈ, ਅਤੇ ਕਾਰਪੋਰੇਟ ਹਿੱਤਾਂ ਦੀ ਪੂਰਤੀ ਕਰਦਾ ਹੈ। ਕਿਸਾਨ ਜਥੇਬੰਦੀਆਂ ਦਾ ਮਨਣਾ ਹੈ ਕਿ ਵਾਸਤਵ ਵਿੱਚ, ਐਮਐਸਪੀ ਦੀ ਅਣਹੋਂਦ ਮਨੁੱਖੀ ਤਬਾਹੀ ਵੱਲ ਲੈ ਜਾਂਦੀ ਹੈ, ਜਿਵੇਂ ਕਿ ਪੇਂਡੂ ਖੇਤਰਾਂ ਵਿੱਚ ਵਧਦੀ ਗਰੀਬੀ, ਕਰਜ਼ਾ, ਬੇਰੁਜ਼ਗਾਰੀ ਅਤੇ ਮਹਿੰਗਾਈ ਦਾ ਸਬੂਤ ਹੈ। ਕਿਸਾਨੀ ਖੇਤੀ, ਖਾਸ ਤੌਰ 'ਤੇ ਝੋਨੇ ਅਤੇ ਕਣਕ ਵਰਗੇ ਮੁੱਖ ਭੋਜਨ ਉਤਪਾਦਨ ਨੂੰ ਬਚਾਉਣ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ, ਇਹ ਯਕੀਨੀ ਬਣਾ ਕੇ ਕਿ ਕਿਸਾਨਾਂ ਨੂੰ ਲਾਹੇਵੰਦ ਆਮਦਨ ਅਤੇ ਉਤਪਾਦਨ ਲਾਗਤਾਂ ਨੂੰ ਘਟਾਉਣ ਲਈ ਸਬਸਿਡੀਆਂ ਮਿਲਣ। ਇਹਨਾਂ ਪ੍ਰਸਿਥੀਆਂ ਨੂੰ ਸਮਝਦਿਆਂ ਮਿਤੀ 18 ਫਰਵਰੀ, 2024 ਨੂੰ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ () ਅਤੇ ਕਿਸਾਨ ਮਜ਼ਦੂਰ ਮਹਾਸੰਘ ਦੁਆਰਾ ਠੇਕਾ ਖੇਤੀ ਅਤੇ ਫਸਲੀ ਵਿਭਿੰਨਤਾ ਦੇ ਭਾਰਤ ਸਰਕਾਰ ਦੇ ਪ੍ਰਸਤਾਵ ਨੂੰ ਰੱਦ ਕਰਨਾ ਕਿਸਾਨਾਂ ਦੇ ਆਪਣੇ ਹਿੱਤਾਂ ਦੀ ਰਾਖੀ ਲਈ ਅਟੱਲ ਸੰਕਲਪ ਨੂੰ ਦਰਸਾਉਂਦਾ ਹੈ।

ਭਾਰਤ ਸਰਕਾਰ ਅਤੇ ਕਿਸਾਨ ਸੰਗਠਨਾਂ ਵਿੱਚ ਤਾਲਮੇਲ ਅਤੇ ਵਿਸ਼ਵਾਸ਼ ਦੀ ਕਮੀ ਨੂੰ ਸਮਝਦਿਆਂ ਭਾਰਤ ਦੀ ਸੁਪਰੀਮ ਕੋਰਟ ਨੂੰ ਮੌਜੂਦਾ ਸਥਿਤੀ ਵਿੱਚ ਦਖਲ ਦੇਣਾ ਚਾਹੀਦਾ ਹੈ ਤਾਂ ਜੋ ਚੱਲ ਰਹੇ ਖੇਤੀ ਸੰਕਟ ਦਾ ਸਥਾਈ ਹੱਲ ਕੱਢਿਆ ਜਾ ਸਕੇ। ਕਿਸਾਨਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਫੈਸਲਾਕੁੰਨ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਉਹਨਾਂ ਨੀਤੀਆਂ ਨੂੰ ਲਾਗੂ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ ਜੋ ਕਿਸਾਨਾਂ ਦੇ ਹੱਕਾਂ ਅਤੇ ਭਲਾਈ ਦੀ ਗਾਰੰਟੀ ਦਿੰਦੀਆਂ ਹਨ। ਇਸ ਤੋਂ ਇਲਾਵਾ, ਸੁਪਰੀਮ ਕੋਰਟ ਨੂੰ ਇਹ ਹੁਕਮ ਦੇਣਾ ਚਾਹੀਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੇ ਚੋਣ ਮਨੋਰਥ ਪੱਤਰਾਂ ਨੂੰ ਕਾਨੂੰਨੀ ਦਸਤਾਵੇਜ਼ਾਂ ਵਜੋਂ ਮੰਨਿਆ ਜਾਵੇ ਤਾਂ ਜੋ ਸਿਆਸੀ ਪਾਰਟੀਆਂ ਲੋਕਾਂ ਨੂੰ ਬੇਵਜ੍ਹਾ ਵਾਅਦਿਆਂ ਨਾਲ ਗੁੰਮਰਾਹ ਕਰਨ ਤੋਂ ਰੋਕਿਆ ਜਾ ਸਕੇ। ਇਹ ਪਾਰਟੀਆਂ ਨੂੰ ਉਨ੍ਹਾਂ ਦੇ ਚੋਣ ਵਾਅਦੇ ਲਈ ਜਵਾਬਦੇਹ ਬਣਾਏਗਾ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਨੂੰ ਵਧਾਵਾ ਦੇਵੇਗਾ।

ਜੇਕਰ ਭਾਰਤ ਸਰਕਾਰ ਅਤੇ ਰਾਜ ਸਰਕਾਰਾਂ ਆਪਸੀ ਤਾਲਮੇਲ ਨਾਲ ਕੰਮ ਨਹੀਂ ਕਰਨਗੀਆਂ ਤਾਂ ਰਾਜ ਸਰਕਾਰਾਂ ਦੇ ਵਿੱਤੀ ਹਲਾਤ ਠੀਕ ਨਹੀਂ ਹੋ ਸਕਦੇ । ਆਪਸੀ ਤਾਲਮੇਲ ਨੂੰ ਬਣਾਉਂਦਿਆਂ ਜੇਕਰ ਸਰਕਾਰਾਂ ਲੋਕ ਹਿੱਤਾਂ ਵਿੱਚ ਹੇਠ ਲਿਖੇ ਕਦਮ ਚੁੱਕਦੀਆਂ ਹਨ ਤਾਂ ਖੇਤੀਬਾੜੀ ਖੇਤਰ ਦੀ ਉਨੰਤੀ ਜਕੀਨੀ ਹੈ । ਪਹਿਲਾ, ਹਰ ਰਾਜ ਸਰਕਾਰਾਂ ਦਾ ਮੁੱਖ ਉਦੇਸ਼ ਕਿਸਾਨਾਂ ਲਈ ਉਚਿਤ ਮੁਆਵਜ਼ਾ, ਫਸਲਾਂ ਦਾ ਮੰਡੀਕਰਨ ਆਦਿ ਯਕੀਨੀ ਬਣਾਉਣ ਵਰਗੀਆਂ ਚੁਣੌਤੀਆਂ ਨੂੰ ਸੁਲਝਉਂਣ ਲਈ ਕੇਂਦਰ ਸਰਕਾਰ ਅੱਗੇ ਖੇਤੀਬਾੜੀ ਵਿਕਾਸ ਦੀ ਵਕਾਲਤ ਕਰਦਿਆਂ ਕਿਸਾਨ ਹਿੱਤੀ ਫੈਸਲੇ ਲੈਣੇ ਚਾਹਿਦੇ ਹਨ .। ਦੂਸਰਾ, ਭਾਰਤ ਸਰਕਾਰ ਸਵੈ ਸਿਆਸੀ ਇੱਛਾ ਦਾ ਇਸ਼ਤਮਲ ਕਰਦਿਆਂ ਕਿਸਾਨਾਂ ਨੂੰ ਸਾਲਾਨਾ ਨਿਰਧਾਰਿਤ ਅਤੇ ਕਾਨੂੰਨ ਦੁਆਰਾ ਗਾਰੰਟੀਸ਼ੁਦਾ ਘੱਟੋ-ਘੱਟ ਸਮਰਥਨ ਮੁੱਲ () ਲੱਗਭਗ 23 ਫਸਲਾਂ ਉੱਤੇ ਲਾਗੂ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇ । ਤੀਸਰਾ, ਭਾਰਤ ਸਰਕਾਰ ਉੱਤਰੀ ਰਾਜਾਂ ਵਿੱਚ ਖੇਤੀਬਾੜੀ ਸੰਬੰਧਿਤ ਖੋਲ੍ਹੇ ਅਤੇ ਇਹਨਾਂ ਰਾਜਾਂ ਦੇ ਖੇਤੀਬਾੜੀ ਖਿੱਤੇ ਨੂੰ ਲਾਭਕਾਰ ਬਣਾਵੇ । ਚੋਥਾ, ਬੱਚਿਆਂ ਨੂੰ ਖੇਤੀਬਾੜੀ ਦੇ ਸੈਮੀਨਾਰ ਅਤੇ ਕੋਰਸਾਂ ਵਿੱਚ ਦਾਖ਼ਲ ਕਰਵਾਉਣ ਲਈ ਅਨੁਕੂਲ ਯੋਜਨਾਬੰਦੀ ਕਰੇ । ਪੰਜਵਾਂ, ਪ੍ਰਾਚੀਨ ਸਿਲਕ ਰੋਡ ਨੂੰ ਆਪਣੇ ਭਾਰਤਮਾਲਾ ਰੋਡ ਨੈੱਟਵਰਕ ਨਾਲ ਜੋੜਨ ਪ੍ਰੱਤਿ ਯੋਜਨਾਬੰਦੀ ਕਰੇ । ਛੇਵਾਂ, ਕਿਸਾਨਾਂ ਅਤੇ ਕਿਸਾਨ ਸੰਗਠਨਾਂ ਨਾਲ ਤਾਲਮੇਲ ਨਾਲ ਕਿਸਾਨਾਂ ਦੇ ਹੱਕ ਵਿੱਚ ਯੋਜਨਾਬੰਦੀ ਨਾਲ ਕੰਮ ਕੀਤਾ ਜਾਵੇ ਤਾਂ ਜੋ ਦੇਸ਼ ਦਾ 60% ਹਿੱਸਾ ਚੈਨ ਦੀ ਨੀਂਦ ਸੋਂ ਸਕੇ । ਸੱਤਵਾਂ, ਆਪਣੀ ਨੈਤਿਕ ਜੁੰਮੇਵਾਰੀ ਸਮਝਦਿਆਂ ਸਰਕਾਰ, ਸਿਆਸੀ ਪਾਰਟੀਆਂ, ਅਤੇ ਕਿਸਾਨ ਸੰਗਠਨ ਲੋਕਾਂ ਨਾਲ ਨਾ ਪੂਰੇ ਹੋਣ ਵਾਲੇ ਵਾਧੇ ਕਰਕੇ ਉਹਨਾਂ ਦੀਆਂ ਭਾਵਨਾਵਾਂ ਨਾਲ ਨਾ ਖੇਡਣ ।

# ਪੰਜਾਬ ਵਿੱਚ ਉੱਚ ਸਿੱਖਿਆ ’ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ

-ਬਹਾਦਰ ਸਿੰਘ ਗੋਸਲ-

ਜਦੋਂ ਜੇਈਈ ਮੇਨ 2024 ਦੇ ਨਤੀਜਿਆਂ ਦੀਆਂ ਖਬਰਾਂ ਅਖਬਾਰਾਂ ਵਿੱਚ ਛਪੀਆਂ ਤਾਂ ਇਨ੍ਹਾਂ ਨਤੀਜਿਆਂ ਅਨੁਸਾਰ ਜੋ ਨਿਚੋੜ ਸਾਹਮਣੇ ਆਇਆ ਹੈ, ਉਸ ਨੇ ਪੰਜਾਬ ਦੇ ਹਰ ਬਸ਼ਿੰਦੇ ਨੂੰ ਨਿਮੋਝੂਣਾ ਕਰਕੇ ਰੱਖ ਦਿੱਤਾ ਹੈ। ਇਸ ਨਤੀਜੇ ਵਿੱਚ ਦੱਸਿਆ ਗਿਆ ਹੈ ਕਿ ਦੇਸ਼ ਵਿੱਚ ਤਕਰੀਬਨ 12 ਲੱਖ ਬੱਚਿਆਂ ਨੇ ਇਸ ਇਮਤਿਹਾਨ ਵਿੱਚ ਆਪਣੀ ਕਿਸਮਤ ਅਜ਼ਮਾਈ ਸੀ। ਇਹ ਬੱਚੇ ਉਹ ਹੁੰਦੇ ਹਨ, ਜਿਨ੍ਹਾਂ ਨੂੰ ਸਕੂਲਾਂ ਵਿੱਚ ਬਹੁਤ ਹੀ ਹੁਸ਼ਿਆਰ ਗਿਣਿਆਂ ਜਾਂਦਾ ਹੈ ਪਰ ਅਸੀਂ ਜਾਣਦੇ ਹਾਂ ਕਿ ਪ੍ਰੋਫੈਸ਼ਨਲ ਮੁਕਾਬਲੇ ਦੇ ਇਮਤਿਹਾਨਾਂ ਵਿੱਚ ਬੱਚਿਆਂ ਦਾ ਹੁਸ਼ਿਆਰ ਹੋਣਾ ਹੀ ਕਾਫ਼ੀ ਨਹੀਂ ਹੁੰਦਾ, ਉਨ੍ਹਾਂ ਨੂੰ ਸਿਰਤੋੜ ਮਿਹਨਤ ਕਰਨੀ ਪੈਂਦੀ ਹੈ ਅਤੇ ਖਾਸ ਕਰ ਕੇ ਬੱਚਿਆਂ ਨੂੰ ਦੇਸ਼ ਦੀਆਂ ਨਾਮੀ ਕੋਚਿੰਗ ਸੰਸਥਾਵਾਂ ਤੋਂ ਬਹੁਤ ਹੀ ਮਹਿੰਗੇ ਮੁੱਲ ਦੀ ਕੋਚਿੰਗ ਵੀ ਲੈਣੀ ਪੈਂਦੀ ਹੈ। ਇਹ ਵੀ ਸੱਚ ਹੈ ਕਿ ਬੱਚਿਆਂ ਨੂੰ ਇਸ ਕੋਚਿੰਗ ਦਿਵਾਉਣ ਲਈ ਮਾਪਿਆਂ ਨੂੰ ਲੱਖਾਂ ਰੁਪਏ ਖਰਚਣੇ ਪੈਂਦੇ ਹਨ ਪਰ ਇਸ ਸਾਲ ਆਏ ਨਤੀਜਿਆਂ ਨੇ ਹੈਰਾਨੀਜਨਕ ਤੱਥ ਪੇਸ਼ ਕੀਤੇ ਹਨ, ਜਿਨ੍ਹਾਂ ਵਿੱਚ ਦੱਸਿਆ ਗਿਆ ਹੈ ਕਿ 100 ਵਿਚੋਂ 100 ਅੰਕ ਪ੍ਰਾਪਤ ਕਰਨ ਵਾਲੇ ਅਜਿਹੇ 23 ਬੱਚੇ ਪੂਰੇ ਦੇਸ਼ ਵਿੱਚ ਸਾਹਮਣੇ ਆਏ ਹਨ ਪਰ ਇਨ੍ਹਾਂ 23 ਬੱਚਿਆਂ ਦੀ ਜੇ ਅਸੀਂ ਰਾਜਾਂ ਅਨੁਸਾਰ ਵਿਆਖਿਆ ਕਰੀਏ ਤਾਂ ਪਤਾ ਲੱਗਦਾ ਹੈ ਕਿ ਇਕੱਲੇ ਤੇਲੰਗਾਨਾ ਸੂਬੇ ਦੇ 7 ਬੱਚੇ ਸੌ ਫ਼ੀਸਦ ਅੰਕ ਪ੍ਰਾਪਤ ਕਰਨ ਵਿੱਚ ਸਫ਼ਲ ਹੋਏ ਹਨ, ਜਦੋਂਕਿ ਤਿੰਨ-ਤਿੰਨ ਬੱਚੇ ਆਂਧਰਾ ਪ੍ਰਦੇਸ਼, ਰਾਜਸਥਾਨ ਅਤੇ ਮਹਾਰਾਸ਼ਟਰ ਤੋਂ ਹਨ ਅਤੇ ਦੋ ਬੱਚੇ ਦਿੱਲੀ ਤੋਂ 100 ਫੀਸਦੀ ਅੰਕ ਲੈਣ ਵਿੱਚ ਸਫ਼ਲ ਹੋਏ ਹਨ। ਇਸੇ ਤਰ੍ਹਾਂ ਹਰਿਆਣਾ ਤੋਂ ਵੀ ਦੋ ਅਤੇ ਇੱਕ-ਇੱਕ ਬੱਚਾ ਗੁਜਰਾਤ, ਕਰਨਾਟਕ ਅਤੇ ਤਾਮਿਲਨਾਡੂ ਤੋਂ ਵੀ ਸਿਖਰ ਦੀਆਂ ਪੁਜ਼ੀਸ਼ਨਾਂ ਵਿੱਚ ਪਹੁੰਚਿਆ ਹੈ।

ਪੰਜਾਬ ਜਿਸ ਨੂੰ ਦੇਸ਼ ਦਾ ਮੋਹਰੀ ਸੂਬਾ ਗਿਣਿਆ ਜਾਂਦਾ ਹੈ, ਸਿੱਖਿਆ ਦੇ ਇਸ ਖੇਤਰ ਵਿੱਚ ਪੱਛੜ ਗਿਆ ਹੈ; ਪੰਜਾਬ ਦਾ ਇੱਕ ਵੀ ਬੱਚਾ ਸਾਹਮਣੇ ਨਹੀਂ ਆਇਆ, ਜਿਸ ਨੇ 100 ਫੀਸਦੀ ਅੰਕ ਪ੍ਰਾਪਤ ਕੀਤੇ ਹੋਣ। ਪੰਜਾਬ ਦੇ ਮੁਕਾਬਲੇ ਤੇਲੰਗਾਨਾ, ਤਾਮਿਲਨਾਡੂ, ਕਰਨਾਟਕ ਅਤੇ ਮਹਾਰਾਸ਼ਟਰ ਵਧੀਆ ਸਿੱਖਿਆ ਦਾ ਪ੍ਰਦਰਸ਼ਨ ਕਰਨ ਵਿੱਚ ਅੱਗੇ ਨਿਕਲ ਗਏ ਹਨ। ਸਾਡਾ ਗੁਆਂਢੀ ਸੂਬਾ ਹਰਿਆਣਾ ਵੀ ਪੰਜਾਬ ਨੂੰ ਇਸ ਖੇਤਰ ਵਿੱਚ ਮਾਤ ਪਾ ਗਿਆ ਹੈ। ਇਸ ਨਤੀਜੇ ਦਾ ਇੱਕ ਤੱਥ ਹੋਰ ਵੀ ਸਾਹ-ਮਣੇ ਆਇਆ ਹੈ ਕਿ ਇਨ੍ਹਾਂ 23 ਵਿਦਿਆਰਥੀਆਂ ਵਿੱਚ ਕੋਈ ਵੀ ਲੜਕੀ ਨਹੀਂ ਹੈ, ਜਿਸ ਨੇ 100 ਫੀਸਦੀ ਅੰਕ ਪ੍ਰਾਪਤ ਕੀਤੇ ਹੋਣ, ਕੇਵਲ ਗੁਜਰਾਤ ਦੀ ਇੱਕ ਲੜਕੀ ਦਵਿਜਾ ਧਰਮੇਸ਼ਵਰ ਪਟੇਲ 99.99 ਅੰਕ ਪ੍ਰਾਪਤ ਕਰਨ ਵਿੱਚ ਕਾਮਯਾਬ ਰਹੀ ਹੈ। ਕਹਿਣ ਦਾ ਭਾਵ ਕਿ ਕਿਸੇ ਕਾਰਨ ਕਰ ਕੇ ਇਸ ਜੇਈਈ ਦੇ ਮੇਨ ਇਮਤਿਹਾਨ ਵਿੱਚ ਲੜਕੀਆਂ ਵੀ ਪੱਛੜ ਗਈਆਂ ਹਨ।

ਹੁਣ ਵਿਚਾਰਨ ਵਾਲੀ ਗੱਲ ਤਾਂ ਇਹ ਹੈ ਕਿ ਪੰਜਾਬ ਕਿਉਂ ਪਛੜਿਆ? ਜਾਂ ਉੱਚ ਪੱਧਰ ਦੇ ਪ੍ਰੋਫੈਸ਼ਨਲ ਅਤੇ ਦੂਜੇ ਪ੍ਰਬੰਧਕੀ ਕਾਰਜਾਂ ਲਈ ਲਏ ਜਾਂਦੇ ਮੁਕਾਬਲੇ ਦੇ ਇਮਤਿਹਾਨਾਂ ਵਿੱਚ ਪੰਜਾਬ ਦੇ ਬੱਚੇ ਪਿੱਛੇ ਕਿਉਂ ਰਹਿ ਜਾਂਦੇ ਹਨ? ਜੇ ਅਸੀਂ ਇਨ੍ਹਾਂ ਕਾਰਨਾਂ ਦੀ ਤਹਿ ਤੱਕ ਜਾਈਏ ਤਾਂ ਕਿਤੇ ਨਾ ਕਿਤੇ ਸਰਕਾਰ ਦੀ ਬੇਰੁਖ਼ੀ ਨਜ਼ਰ ਆਉਂਦੀ ਹੈ, ਜੋ ਪੰਜਾਬ ਵਿੱਚ ਉੱਚ ਪੱਧਰ ਦੇ ਕੋਚਿੰਗ ਸੈਂਟਰ ਜਾਂ ਸਸਤੀ ਉੱਚ-ਸਿੱਖਿਆ ਦਾ ਪ੍ਰਬੰਧ ਕਰਨ ਵਿੱਚ ਅਸਫ਼ਲ ਰਹੀ ਹੈ। ਭਾਵੇਂ ਅੱਜ-ਕੱਲ੍ਹ ਪੰਜਾਬ ਸਰਕਾਰ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵੱਡੇ-ਵੱਡੇ ਉਪਰਾਲਿਆਂ ਦਾ ਦਾਅਵਾ ਕਰਦੀ ਹੈ ਅਤੇ ਸਕੂਲ ਪੱਧਰ ’ਤੇ ਕੁਝ ਸੁਧਾਰ ਵੀ ਦੇਖਣ ਨੂੰ ਮਿਲਦੇ ਹਨ ਪਰ ਅੱਜ-ਕੱਲ੍ਹ ਤਾਂ ਕੰਪੀਟੀਸ਼ਨ ਦਾ ਜ਼ਮਾਨਾ ਹੈ। ਪੰਜਾਬ ਦੇ ਬੱਚਿਆਂ ਨੂੰ ਬਾਰ੍ਹਵੀਂ ਤੋਂ ਅੱਗੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨਾ ਵੀ ਸਰਕਾਰ ਦੀ ਜ਼ਿੰਮੇਵਾਰੀ ਵਿੱਚ ਆਉਂਦਾ ਹੈ। ਪੰਜਾਬ ਦੇ ਪੇਂਡੂ ਲੋਕ ਬੱਚਿਆਂ ਦੀ ਕੋਚਿੰਗ ’ਤੇ ਲੱਖਾਂ ਰੁਪਏ ਖਰਚ ਕਰਨ ਲਈ ਤਿਆਰ ਨਹੀਂ ਹੁੰਦੇ ਜਾਂ ਇਹ ਕਹਿ ਲਵੋ ਕਿ ਲੱਖਾਂ ਰੁਪਏ ਪੜ੍ਹਾਈ ’ਤੇ ਖਰਚ ਕਰਨ ਦੀ ਉਨ੍ਹਾਂ ਦੀ ਆਰਥਿਕ ਸਮਰੱਥਾ ਨਹੀਂ ਹੈ। ਉਹ ਤਾਂ ਬਾਰ੍ਹਵੀਂ ਪਾਸ ਕਰਨ ਨੂੰ ਹੀ ਵੱਡੀ ਪੜ੍ਹਾਈ ਦੱਸਦੇ ਹਨ ਅਤੇ ਬਹੁਤੇ ਤਾਂ ਕਾਲਜ ਵਿੱਚ ਵੀ ਦਾਖਲਾ ਨਹੀਂ ਲੈਂਦੇ। ਗੱਲ ਵੀ ਠੀਕ ਹੈ ਕਿ ਅੱਜ-ਕੱਲ੍ਹ ਕਾਲਜ ਦੀ ਪੜ੍ਹਾਈ ਲਈ ਕਿਸੇ ਬੱਚੇ ਨੂੰ ਕਾਲਜ ਵਿੱਚ ਦਾਖਲ ਕਰਵਾਉਣਾ ਹੋਵੇ ਤਾਂ ਫੀਸ ਸੁਣ ਕੇ ਹੀ ਮਾਪੇ ਪਿੱਛੇ ਹਟ ਜਾਂਦੇ ਹਨ। ਕਾਲਜ ਦੀ ਪੜ੍ਹਾਈ ਇੰਨੀ ਮਹਿੰਗੀ ਕਰਨ ਦਾ ਕੋਈ ਮਤਲਬ ਨਹੀਂ ਹੈ, ਜਦੋਂਕਿ ਸਰਕਾਰਾਂ ਮੁਫਤ ਸਿੱਖਿਆ ਦਾ ਢਿੰਡੋਰਾ ਪਿੱਟਦੀਆਂ ਹਨ ਅਤੇ ਲੋਕਾਂ ਨੂੰ ਮੁਫ਼ਤ ਰਾਸ਼ਨ ਅਤੇ ਬੱਸ ਸਫ਼ਰ ਵਰਗੀਆਂ ਸਹੂਲਤਾਂ ਦੇਣ ਲਈ ਪ੍ਰਚਾਰ ਕਰਦੀਆਂ ਰਹਿੰਦੀਆਂ ਹਨ। ਜੇ ਕਿਸੇ ਪਰਿਵਾਰ ਦਾ ਗਰੀਬ ਬੱਚਾ ਕਾਲਜ ਵਿੱਚ ਸਸਤੀ ਪੜ੍ਹਾਈ ਹੋਣ ਦੇ ਕਾਰਨ ਚੰਗਾ ਪੜ੍ਹ ਜਾਵੇਗਾ ਤਾਂ ਉਸ ਨੂੰ ਨੌਕਰੀ ਵੀ ਚੰਗੀ ਮਿਲ ਜਾਵੇਗੀ। ਇਸ ਕਰ ਕੇ ਸਰਕਾਰ ਨੂੰ ਤੁਰੰਤ ਉਪਰਾਲੇ ਕਰਕੇ ਕਾਲਜ ਦੀ ਪੜ੍ਹਾਈ ਜੇ ਸਕੂਲਾਂ ਵਾਂਗ ਮੁਫ਼ਤ ਨਹੀਂ ਤਾਂ ਸਸਤੀ ਤਾਂ ਜ਼ਰੂਰ ਕਰਨੀ ਚਾਹੀਦੀ ਹੈ।

ਦੂਜਾ ਵੱਡਾ ਕਾਰਨ ਜੋ ਅੱਜ-ਕੱਲ੍ਹ ਰਿਵਾਜ਼ ਹੀ ਬਣਦਾ ਜਾ ਰਿਹਾ ਹੈ ਕਿ ਬੱਚੇ ਨੂੰ ਬਾਰ੍ਹਵੀਂ ਕਰਵਾਓ ਅਤੇ ਬਾਹਰ ਭੇਜ ਦਿਓ। ਇਹ ਸਿੱਖਿਆ ਲਈ ਬਹੁਤ ਹੀ ਮਾਰੂ ਹੈ। ਉਹ ਲੋਕ ਬਹਾਨਾ ਬਣਾਉਂਦੇ ਹਨ ਕਿ ਪੰਜਾਬ ਵਿੱਚ ਸਰਕਾਰਾਂ ਨੌਕਰੀਆਂ ਦੇਣ ਵਿੱਚ ਅਸਫਲ ਹਨ ਤਾਂ ਕਿਉਂ ਨਾ ਬੱਚਾ ਬਾਹਰ ਜਾ ਕੇ ਚੰਗੇ ਰੁਜ਼ਗਾਰ ’ਤੇ ਲੱਗ ਜਾਵੇ। ਇਸ ਲਈ ਉਹ ਲੱਖਾਂ ਰੁਪਏ ਖਰਚ ਕਰਨ ਨੂੰ ਵੀ ਤਰਜੀਹ ਦਿੰਦੇ ਹਨ ਪਰ ਚਾਹੀਦਾ ਤਾਂ ਇਹ ਹੈ ਕਿ ਬੱਚਾ ਪੰਜਾਬ ਵਿੱਚ ਰਹਿੰਦਿਆਂ ਹੀ ਉੱਚ ਕੋਟੀ ਦੀ ਵਧੀਆ ਸਿੱਖਿਆ ਲੈ ਕੇ ਆਪਣੇ ਵਿੱਚ ਚੰਗੀ ਨੌਕਰੀ ਲਈ ਗੁਣ ਪੈਦਾ ਕਰੇ ਤਾਂ ਕਿ ਜੇ ਉਸ ਨੇ ਬਾਹਰ ਵੀ ਜਾਣਾ ਹੈ ਤਾਂ ਉੱਥੇ ਜਾ ਕੇ ਵੀ ਚੰਗੇ ਰੁਜ਼ਗਾਰ ਨੂੰ ਹੱਥ ਪਾਵੇ।

ਪੰਜਾਬ ਦੇ ਪਿੰਡਾਂ ਦੇ ਸਕੂਲਾਂ ਦਾ ਨਿਰੀਖਣ ਕਰਨ ਤੋਂ ਇਕ ਗੱਲ ਹੋਰ ਸਾਹਮਣੇ ਆਉਂਦੀ ਹੈ ਕਿ ਪਿੰਡਾਂ ਦੇ ਬੱਚੇ ਸਾਇੰਸ ਵਿਸ਼ੇ ਨੂੰ ਬਹੁਤ ਘੱਟ ਪੜ੍ਹਦੇ ਹਨ ਜਾਂ ਇਹ ਕਹਿ ਲਵੋ ਕਿ ਰੂਰਲ ਪੰਜਾਬ ਵਿੱਚ ਸਾਇੰਸ ਸਟਰੀਮ ਵਿੱਚ ਬੱਚੇ ਬਹੁਤ ਹੀ ਘੱਟ ਗਿਣਤੀ ਵਿੱਚ ਮਿਲਦੇ ਹਨ। ਉਹ ਤਾਂ ਮਾਪਿਆਂ ਦੀ ਸਹਿਮਤੀ ਨਾਲ ਸੌਖੇ ਜਿਹੇ ਵਿਸ਼ੇ ਲੈ ਕੇ ਬਾਰ੍ਹਵੀਂ ਪਾਸ ਕਰਨੀ ਚਾਹੁੰਦੇ ਹਨ। ਜੇ ਸਾਇੰਸ ਵਿਸ਼ੇ ਨੂੰ ਨਹੀਂ ਪੜ੍ਹਨਾ ਤਾਂ ਜੇਈਈ ਜਾਂ ਨੀਟ ਵਰਗੇ ਇਮਤਿਹਾਨਾਂ ਦਾ ਸੁਫਨਾ ਕਿੱਥੋਂ ਪੂਰਾ ਹੋਵੇਗਾ? ਇਸ ਲਈ ਪੰਜਾਬ ਸਰਕਾਰ ਨੂੰ ਉੱਚ ਸਿੱਖਿਆ ਵੱਲ ਧਿਆਨ ਦੇ ਕੇ ਬੱਚਿਆਂ ਨੂੰ ਮੁਕਾਬਲੇ ਦੇ ਇਮਤਿਹਾਨਾਂ ਲਈ ਤਿਆਰ ਕਰਨਾ ਹੋਵੇਗਾ।

ਸੰਪਰਕ: 98764-52223

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us
CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# "ਆਇਆ ਰਾਮ ਗਿਆ ਰਾਮ" ਨੇ ਭਾਰਤੀ ਰਾਜਨੀਤਕ ਪ੍ਰਣਾਲੀ ਨੂੰ ਲੰਬੇ ਸਮੇਂ ਤੋਂ ਪ੍ਰਭਾਵਿਤ ਕੀਤਾ

ਦਲ-ਬਦਲੀ ਦੀ ਸ਼ੁਰੂਆਤ "ਆਯਾ ਰਾਮ ਗਿਆ ਰਾਮ" ਨਾਲ ਹੋਈ, ਜਿਸ ਨੇ ਭਾਰਤੀ ਰਾਜਨੀਤੀ ਵਿੱਚ ਹਰਿਆਣੇ ਦੇ ਵਿਧਾਇਕ ਗਿਆਲਾਲ ਵੱਲੋਂ ਇੱਕ ਦਿਨ ਵਿੱਚ ਤਿੰਨ ਵਾਰ ਪਾਰਟੀਆਂ ਬਦਲਣ ਤੋਂ ਬਾਅਦ ਪ੍ਰਸਿੱਧੀ ਹਾਸਲ ਕੀਤੀ। ਇਹ 1967 ਵਿਚ ਹੋਇਆ ਸੀ. ਸੰਸਦ ਨੇ ਇਸ ਕੇਸ ਦੀ ਵਰਤੋਂ ਭਾਰਤੀ ਸੰਵਿਧਾਨ ਵਿੱਚ 10ਵੀਂ ਅਨੁਸੂਚੀ ਨੂੰ ਸ਼ਾਮਲ ਕਰਨ ਨੂੰ ਜਾਇਜ਼ ਠਹਿਰਾਉਣ ਲਈ ਕੀਤੀ। ਇਹ ਕਾਨੂੰਨ ਸਦਨ ਦੇ ਕਿਸੇ ਹੋਰ ਮੈਂਬਰ ਦੀ ਪਟੀਸ਼ਨ ਦੇ ਜਵਾਬ ਵਿੱਚ ਵਿਧਾਨ ਸਭਾ ਦੇ ਪ੍ਰਧਾਨ ਅਧਿਕਾਰੀ ਦੁਆਰਾ ਦਲ-ਬਦਲੀ ਲਈ ਸੰਸਦ ਮੈਂਬਰਾਂ ਨੂੰ ਅਯੋਗ ਠਹਿਰਾਉਣ ਦੀ ਪ੍ਰਕਿਰਿਆ ਨੂੰ ਸਥਾਪਿਤ ਕਰਦਾ ਹੈ। ਕਾਨੂੰਨ ਅਨੁਸਾਰ, ਜੇਕਰ ਕੋਈ ਰਾਜਨੇਤਾ ਆਪਣੀ ਮਰਜ਼ੀ ਨਾਲ ਪਾਰਟੀ ਛੱਡਦਾ ਹੈ ਜਾਂ ਹਾਊਸ ਆਫ ਕਾਮਨਜ਼ ਵਿੱਚ ਵੋਟਿੰਗ 'ਤੇ ਪਾਰਟੀ ਲੀਡਰਸ਼ਿਪ ਦੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਹੈ, ਤਾਂ ਉਹ ਦਲ-ਬਦਲੀ ਕਰਦਾ ਹੈ। ਧਾਰਨਾ ਇਹ ਹੈ ਕਿ ਵਿਧਾਇਕ ਇਸ ਵਤੀਰੇ ਨਾਲ ਪਾਰਟੀ ਵ੍ਹਿਪ ਦੀ ਉਲੰਘਣਾ ਕਰ ਰਹੇ ਹਨ।

ਦਲ-ਬਦਲ ਵਿਰੋਧੀ ਬਿੱਲ ਦਾ ਉਦੇਸ਼ ਵਿਧਾਇਕਾਂ ਨੂੰ ਪੱਖ ਬਦਲਣ ਤੋਂ ਰੋਕ ਕੇ ਸਰਕਾਰ ਨੂੰ ਸਥਿਰ ਰੱਖਣਾ ਹੈ। ਦਲ-ਬਦਲੀ ਵਿਰੋਧੀ ਕਾਨੂੰਨ ਨੇ ਭਾਰਤ ਵਿੱਚ ਲੋਕਤੰਤਰ ਨੂੰ ਬਹਿਸ ਅਤੇ ਚਰਚਾ ਦੀ ਬਜਾਏ ਪਾਰਟੀਆਂ ਅਤੇ ਸੰਖਿਆ ਦੇ ਅਧਾਰ ਤੇ ਲਾਗੂ ਕੀਤਾ।

ਇਸ ਤਰ੍ਹਾਂ ਇਹ ਅਸਹਿਮਤੀ ਅਤੇ ਦਲ-ਬਦਲੀ ਵਿਚਕਾਰ ਕੋਈ ਫਰਕ ਨਹੀਂ ਕਰਦਾ, ਇਸ ਤਰ੍ਹਾਂ ਕਿਸੇ ਵੀ ਪੈਮਾਨੇ 'ਤੇ ਸੰਸਦੀ ਬਹਿਸ ਨੂੰ ਕਮਜ਼ੋਰ ਕਰਦਾ ਹੈ। ਦੂਜੇ ਪਾਸੇ, ਇਹ ਕਾਨੂੰਨ ਸਿਆਸਤਦਾਨਾਂ ਨੂੰ ਉਨ੍ਹਾਂ ਦੀਆਂ ਸਿਆਸੀ ਪਾਰਟੀਆਂ ਨਾਲ ਅਣਮਿੱਥੇ ਸਮੇਂ ਲਈ ਨਹੀਂ ਬੰਨ੍ਹਦਾ। ਵੱਖ-ਵੱਖ ਸਥਿਤੀਆਂ ਵਿੱਚ ਵਿਧਾਇਕ ਅਯੋਗਤਾ ਦੇ ਡਰ ਤੋਂ ਬਿਨਾਂ ਪਾਰਟੀਆਂ ਬਦਲ ਸਕਦੇ ਹਨ। ਇਹ ਕਾਨੂੰਨ ਕਿਸੇ ਪਾਰਟੀ ਨੂੰ ਦੂਜੀ ਪਾਰਟੀ ਨਾਲ ਮਿਲਾਉਣ ਦੀ ਇਜਾਜ਼ਤ ਦਿੰਦਾ ਹੈ ਜੇਕਰ ਇਸਦੇ ਦੋ ਤਿਹਾਈ ਮੈਂਬਰ ਇਸ ਨੂੰ ਮਨਜ਼ੂਰੀ ਦਿੰਦੇ ਹਨ। ਅਜਿਹੇ 'ਚ ਕਿਸੇ ਵੀ ਮੈਂਬਰ 'ਤੇ ਦਲ-ਬਦਲੀ ਦਾ ਦੋਸ਼ ਨਹੀਂ ਹੈ। ਹੋਰ ਸਥਿਤੀਆਂ ਵਿੱਚ, ਜੇਕਰ ਕੋਈ ਵਿਅਕਤੀ ਪ੍ਰਧਾਨ ਜਾਂ ਚੇਅਰਮੈਨ ਚੁਣਿਆ ਗਿਆ ਸੀ ਅਤੇ ਉਸਨੂੰ ਆਪਣੀ ਪਾਰਟੀ ਤੋਂ ਅਸਤੀਫਾ ਦੇਣ ਲਈ ਮਜਬੂਰ ਕੀਤਾ ਗਿਆ ਸੀ। ਨਤੀਜੇ ਵਜੋਂ ਉਹ ਅਹੁਦਾ ਛੱਡਣ ਤੋਂ ਬਾਅਦ ਪਾਰਟੀ ਵਿਚ ਮੁੜ ਸ਼ਾਮਲ ਹੋ ਸਕਦੇ ਹਨ।

ਭਾਰਤ ਵਿੱਚ ਛੱਡਣ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ। ਕਈ ਵਿਧਾਇਕ ਅਤੇ ਸੰਸਦ ਮੈਂਬਰ ਪਾਰਟੀਆਂ ਬਦਲ ਚੁੱਕੇ ਹਨ। 91ਵੀਂ ਸੰਵਿਧਾਨਕ ਸੋਧ

*ਦਲ-ਬਦਲੀ ਵਿਰੋਧੀ ਕਾਨੂੰਨ ਸਰਕਾਰ ਦੀ ਸਥਿਰਤਾ ਨੂੰ ਕਾਇਮ ਰੱਖਣ ਵਿੱਚ ਕਾਰਗਰ ਹੋਣ ਦੀ ਬਜਾਏ ਘੋੜਿਆਂ ਦੇ ਵਪਾਰ ਦਾ ਇੱਕ ਤਰੀਕਾ ਹੈ। "ਵਿਧਾਇਕ ਜਾਂ ਸੰਸਦ ਮੈਂਬਰ ਦਲ-ਬਦਲੀ ਵਿਰੋਧੀ ਕਾਨੂੰਨ ਦੇ ਘੇਰੇ ਤੋਂ ਬਚਣ ਲਈ ਅਸਤੀਫਾ ਦੇ ਰਹੇ ਹਨ ਪਰ ਅਜਿਹੀ ਵਿਵਸਥਾ ਕੀਤੀ ਜਾਣੀ ਚਾਹੀਦੀ ਹੈ ਕਿ ਜੇਕਰ ਉਹ ਆਪਣੀ ਮਰਜ਼ੀ ਨਾਲ ਉਸ ਸਮੇਂ ਤੋਂ ਪਹਿਲਾਂ ਅਸਤੀਫਾ ਦੇ ਦਿੰਦੇ ਹਨ ਜਿਸ ਲਈ ਉਹ ਚੁਣੇ ਗਏ ਸਨ, ਤਾਂ ਉਹ ਉਸ ਸਮੇਂ ਤੱਕ ਚੋਣ ਲਈ ਯੋਗ ਨਹੀਂ ਹੋਣਗੇ। ਲੜਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।" ਇਹ ਦੇਸ਼ ਵਿਆਪੀ ਵੱਡਾ ਕਾਰਨ ਹੋਵੇ, ਆਦਰਸ਼ਾਂ ਦਾ ਮਾਮਲਾ ਹੋਵੇ ਜਾਂ ਕਈ ਸਿਧਾਂਤਾਂ ਦਾ ਮਾਮਲਾ ਹੋਵੇ। ਫਿਰ ਤਾਂ ਠੀਕ ਹੈ ਪਰ ਬਿਨਾਂ ਕਿਸੇ ਕਾਰਨ ਅਸਤੀਫਾ ਦੇ ਕੇ ਅਗਲੀ ਚੋਣ ਦੁਬਾਰਾ ਲੜ ਰਹੇ ਹੋ। ਇਸ ਲਈ ਇਹ ਤਕਨੀਕੀ ਤੌਰ 'ਤੇ ਸਹੀ ਹੈ। ਪਰ ਅਮਲੀ ਤੌਰ 'ਤੇ ਇਹ ਸਾਰੇ ਲੋਕ ਕਾਨੂੰਨ ਦੀਆਂ ਧੱਜੀਆਂ ਉਡਾ ਰਹੇ ਹਨ। ਜੋ ਕੋਈ ਵੀ ਕਾਨੂੰਨ ਤੋੜਦੇ ਹਨ, ਉਹ ਇਸ ਨੂੰ ਤੋੜਨ ਦਾ ਰਾਹ ਲੱਭ ਲੈਂਦੇ ਹਨ, ਇੱਥੇ ਜੋ ਤੋੜਿਆ ਗਿਆ ਹੈ, ਉਸ ਨੂੰ ਰਿਜ਼ੋਰਟ ਕਲਚਰ ਕਿਹਾ ਜਾ ਰਿਹਾ ਹੈ।"*

*-ਡਾ. ਸਤਿਆਵਾਨ ਸੌਰਭ*

ਐਕਟ-2003 ਦਾ ਉਦੇਸ਼ ਮੰਤਰੀ ਪ੍ਰੀਸ਼ਦ ਦੇ ਆਕਾਰ ਨੂੰ ਘਟਾਉਣਾ, ਜਨਤਕ ਦਫ਼ਤਰਾਂ ਵਿੱਚ ਦਾਖਲ ਹੋਣ ਤੋਂ ਰੋਕਣਾ ਅਤੇ ਭਾਰਤੀ ਸੰਵਿਧਾਨ ਦੀ 10ਵੀਂ ਅਨੁਸੂਚੀ ਵਿੱਚ ਸੁਧਾਰ ਕਰਨਾ ਹੈ। ਪਹਿਲਾਂ, ਰਲੇਵੇਂ ਨੂੰ ਕਿਸੇ ਸਿਆਸੀ ਪਾਰਟੀ ਦੇ ਚੁਣੇ ਹੋਏ ਮੈਂਬਰਾਂ ਵਿੱਚੋਂ ਇੱਕ ਤਿਹਾਈ ਦੇ ਦਲ-ਬਦਲੀ ਵਜੋਂ ਪਰਿਭਾਸ਼ਿਤ ਕੀਤਾ ਜਾਂਦਾ ਸੀ। ਸੋਧ ਤੋਂ ਬਾਅਦ ਇਸ ਨੂੰ ਘਟਾ ਕੇ ਦੋ ਤਿਹਾਈ ਕਰ ਦਿੱਤਾ ਗਿਆ। ਅਦਾਲਤ ਨੇ ਵਿਧਾਇਕ ਦੀ ਅਯੋਗਤਾ ਦੇ ਮਾਮਲਿਆਂ 'ਤੇ ਵਿਚਾਰ ਕਰਨ ਲਈ ਸਪੀਕਰ ਦੀ ਵਿਸ਼ਾਲ ਸ਼ਕਤੀ ਦੀ ਵੀ ਪੁਸ਼ਟੀ ਕੀਤੀ।

ਹਾਲਾਂਕਿ ਸਾਡੇ ਦੇਸ਼ ਦੇ ਵਿਧਾਇਕਾਂ ਦੀ ਲਗਾਤਾਰ ਅਤੇ ਅਪਵਿੱਤਰ ਵਫ਼ਾਦਾਰੀ ਦੇ ਬਦਲਾਅ ਕਾਰਨ ਪੈਦਾ ਹੋਈ ਸਿਆਸੀ ਅਸਥਿਰਤਾ ਭਾਰਤੀ ਸੰਵਿਧਾਨ ਦੀ 10ਵੀਂ ਅਨੁਸੂਚੀ ਕਾਰਨ ਕਾਫੀ ਘਟ ਗਈ ਹੈ, ਫਿਰ ਵੀ ਭਾਰਤੀ ਸੰਵਿਧਾਨ ਦੀ 10ਵੀਂ ਅਨੁਸੂਚੀ ਦੇ ਹੋਰ ਤਰਕਸੰਗਤ ਸੰਸਕਰਣ ਦੀ ਲੋੜ ਹੈ। ਸੰਵਿਧਾਨ. ਮਨੀਪੁਰ ਪ੍ਰਸ਼ਾਸਨ ਵਿੱਚ ਕੁਝ ਮੌਜੂਦਾ ਵਿਧਾਇਕ ਹਾਲ ਹੀ ਵਿੱਚ ਵਿਰੋਧੀ ਧਿਰ ਵਿੱਚ ਸ਼ਾਮਲ ਹੋ ਗਏ ਹਨ, ਜਿਸ ਨਾਲ ਰਾਜ ਵਿੱਚ ਸਿਆਸੀ ਅਨਿਸ਼ਚਿਤਤਾ ਪੈਦਾ ਹੋ ਗਈ ਹੈ। ਦਲ-ਬਦਲੀ ਦੀ ਇਹ ਰਾਜਨੀਤੀ ਮਨੀਪੁਰ ਵਿੱਚ ਅਸਾਧਾਰਨ ਨਹੀਂ ਹੈ; ਹਾਲ ਹੀ ਵਿੱਚ ਕਰਨਾਟਕ, ਮੱਧ ਪ੍ਰਦੇਸ਼, ਅਰੁਣਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਵੀ ਦਲ-ਬਦਲੀ ਹੋਈ ਹੈ। ਵਿਧਾਨ ਸਭਾ ਦੇ ਮੈਂਬਰਾਂ ਦੁਆਰਾ ਸਿਆਸੀ ਦਲ-ਬਦਲੀ ਨੇ ਭਾਰਤੀ ਰਾਜਨੀਤਿਕ ਪ੍ਰਣਾਲੀ ਨੂੰ ਲੰਬੇ ਸਮੇਂ ਤੋਂ ਪ੍ਰਭਾਵਿਤ ਕੀਤਾ ਹੈ।

ਦਲ-ਬਦਲ ਵਿਰੋਧੀ ਕਾਨੂੰਨ ਨੇ ਚੁਣੇ ਹੋਏ ਨੁਮਾਇੰਦਿਆਂ ਦੀ ਆਵਾਜ਼ ਨੂੰ ਦਬਾ ਦਿੱਤਾ ਹੈ। ਵਿਧਾਇਕਾਂ ਦੁਆਰਾ ਪਾਰਟੀ ਅਨੁਸ਼ਾਸਨ ਦੀ ਪਾਲਣਾ ਨਾ ਕਰਨਾ ਇੱਕ ਰਾਜਨੀਤਿਕ ਸਮੱਸਿਆ ਹੈ, ਅਤੇ ਪਾਰਟੀ ਦੇ ਅੰਦਰੂਨੀ ਲੋਕਤੰਤਰ ਅਤੇ ਪਾਰਟੀ ਮੈਂਬਰਾਂ ਨੂੰ ਵਿਕਸਤ ਕਰਨ ਦੇ ਤਰੀਕਿਆਂ ਦੁਆਰਾ ਹੱਲ ਕੀਤਾ ਜਾਣਾ ਚਾਹੀਦਾ ਹੈ। ਭਾਰਤ ਦੇ ਸੰਵਿਧਾਨ ਦਾ ਇੱਕ ਹਿੱਸਾ ਇਸਦੀ ਮੂਲ ਭਾਵਨਾ ਦੇ ਵਿਰੁੱਧ ਹੈ। ਇਹ ਦਸਵੀਂ ਅਨੁਸੂਚੀ ਹੈ, ਜਿਸ ਨੂੰ 52ਵੀਂ ਸੋਧ ਦੁਆਰਾ ਜੋੜਿਆ ਗਿਆ ਸੀ। ਰਾਜਨੀਤਿਕ ਦਲ-ਬਦਲੀ ਨੂੰ ਰੋਕਣ ਲਈ 1985 ਵਿੱਚ ਸੰਸਦ ਦੁਆਰਾ ਪਾਸ ਕੀਤਾ ਗਿਆ, ਇਸਨੂੰ ਆਮ ਤੌਰ 'ਤੇ ਦਲ-ਬਦਲ ਵਿਰੋਧੀ ਕਾਨੂੰਨ ਵਜੋਂ ਜਾਣਿਆ ਜਾਂਦਾ ਹੈ। ਇਸ ਦਾ ਮਕਸਦ ਇੱਕ ਸਿਆਸੀ ਪਾਰਟੀ ਦੀ ਟਿਕਟ 'ਤੇ ਚੁਣੇ ਗਏ ਵਿਧਾਇਕਾਂ ਨੂੰ ਦੂਜੀ ਪਾਰਟੀ ਪ੍ਰਤੀ ਵਫ਼ਾਦਾਰੀ ਬਦਲਣ ਤੋਂ ਰੋਕਣਾ ਸੀ। ਇਸ ਦਾ ਉਦੇਸ਼ ਸਿਆਸੀ ਸਥਿਰਤਾ ਲਿਆਉਣਾ ਸੀ।

ਉਦੋਂ ਤੋਂ, ਇਸ ਨੇ ਸਾਡੇ ਚੁਣੇ ਹੋਏ ਨੁਮਾਇੰਦਿਆਂ ਦੀ ਆਵਾਜ਼ ਨੂੰ ਬੰਦ ਕਰ ਦਿੱਤਾ ਹੈ, ਸੰਵਿਧਾਨਕ ਦਫਤਰਾਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ ਹੈ ਅਤੇ ਸਾਡੇ ਲੋਕਤੰਤਰ ਦਾ ਮਜ਼ਾਕ ਉਡਾਇਆ ਹੈ। ਦਲ-ਬਦਲ ਵਿਰੋਧੀ ਕਾਨੂੰਨ 37 ਸਾਲਾਂ ਤੋਂ ਸਥਿਰ ਸਰਕਾਰਾਂ ਨੂੰ ਯਕੀਨੀ ਬਣਾਉਣ ਵਿੱਚ ਅਸਫਲ ਰਿਹਾ ਹੈ। ਕੁਝ ਤਾਜ਼ਾ ਉਦਾਹਰਣਾਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ ਇਹਨਾਂ ਅਸਫਲਤਾਵਾਂ ਦੇ ਬਾਵਜੂਦ, ਦਲ-ਬਦਲ ਵਿਰੋਧੀ ਕਾਨੂੰਨ ਨੂੰ ਛੱਡਣ ਦੀ ਬਜਾਏ ਇਸਨੂੰ ਮਜ਼ਬੂਤ ਕਰਨ ਦੀਆਂ ਮੰਗਾਂ ਹਨ। ਮੂਲ ਸਵਾਲ ਇਹ ਹੈ ਕਿ ਕੀ ਇੱਕ ਪਾਰਟੀ ਦੇ ਵਿਧਾਇਕਾਂ ਨੂੰ ਆਪਣੀ ਵਫ਼ਾਦਾਰੀ ਦੂਜੀ ਪਾਰਟੀ ਵਿੱਚ ਤਬਦੀਲ ਕਰਨ ਤੋਂ ਰੋਕਣਾ ਕਾਨੂੰਨੀ ਤੌਰ 'ਤੇ ਸੰਭਵ ਹੈ। ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪੈਸਿਆਂ ਤੋਂ ਇਲਾਵਾ "ਅਹੁਦੇ ਦੇ ਲਾਲਚ ਨੇ ਪਾਰਟੀਆਂ ਬਦਲਣ ਦੇ ਵਿਧਾਇਕਾਂ ਦੇ ਫੈਸਲਿਆਂ ਵਿੱਚ ਮੁੱਖ ਭੂਮਿਕਾ ਨਿਭਾਈ।" ਇਸ ਵਿਚ ਦੱਸਿਆ ਗਿਆ ਹੈ ਕਿ 1967 ਦੀਆਂ ਚੋਣਾਂ ਤੋਂ ਬਾਅਦ, ਸੱਤ ਰਾਜਾਂ ਵਿਚ ਦਲ ਛੱਡਣ ਵਾਲੇ 210 ਵਿਧਾਇਕਾਂ ਵਿਚੋਂ, 116 ਉਨ੍ਹਾਂ ਸਰਕਾਰਾਂ ਵਿਚ ਮੰਤਰੀ ਬਣ ਗਏ ਜਿਨ੍ਹਾਂ ਨੂੰ ਉਨ੍ਹਾਂ ਨੇ ਦਲ ਬਦਲ ਕੇ ਬਣਾਉਣ ਵਿਚ ਸਹਾਇਤਾ ਕੀਤੀ ਸੀ।

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services


# ਸਪੀਕਰ ਸੰਧਵਾਂ ਨੇ ਖੇਡ ਸਟੇਡੀਅਮ ਜੈਤੋ ਵਿਖੇ ਦੂਜੀ ਪੰਜਾਬ ਵੈਟਰਨ ਐਥਲੈਟਿਕਸ ਚੈਂਪੀਅਨਸ਼ਿਪ 'ਚ ਕੀਤੀ ਸ਼ਿਰਕਤ



ਜੈਤੋ, 4 ਮਾਰਚ(ਗਿਆਨ ਸਿੰਘ): ਬੀਤੇ ਦਿਨ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ, ਖੇਡ ਸਟੇਡੀਅਮ ਜੈਤੋ ਵਿਖੇ ਦੂਜੀ ਪੰਜਾਬ ਵੈਟਰਨ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ । ਇਸ ਮੌਕੇ ਉਹਨਾਂ ਦੇ ਨਾਲ ਐਮ.ਐਲ.ਏ ਜੈਤੋ ਸ. ਅਮੋਲਕ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਸਪੀਕਰ ਸੰਧਵਾਂ ਨੇ ਖੇਡ ਸਟੇਡੀਅਮ ਜੈਤੋ ਦੀ ਨੁਹਾਰ ਬਦਲਣ ਲਈ ਪੰਜ ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।

ਸਪੀਕਰ ਸੰਧਵਾਂ ਨੇ ਕਿਹਾ ਕਿ ਜਿਹੜਾ ਇਨਸਾਨ ਖੇਡਾਂ ਵਿੱਚ ਭਾਗ ਲੈਂਦਾ ਹੈ ਉਹ ਹੀ ਜਿੰਦਗੀ ਦਾ ਅਸਲ ਆਨੰਦ ਲੈਂਦਾ ਹੈ। ਉਹਨਾਂ ਕਿਹਾ ਕਿ ਖੇਡਾਂ ਸਾਨੂੰ ਬਹੁਤ ਕੁਝ ਸਿਖਾਉਂਦੀਆਂ ਹਨ। ਉਹਨਾਂ ਕਿਹਾ ਕਿ ਜਦੋਂ ਅਸੀਂ ਜਿੱਤ ਜਾਂਦੇ ਹਾਂ ਤਾਂ ਜਿੱਤਾਂ ਨੂੰ ਮਾਣੋ ਅਤੇ ਜਦੋਂ ਅਸੀਂ ਹਾਰ ਜਾਂਦੇ ਹਾਂ ਤਾਂ ਹਾਰ ਤੋਂ ਸਿੱਖ ਕੇ ਦੁਬਾਰਾ ਕੋਸ਼ਿਸ਼ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਿਨ ਰਾਤ ਪੰਜਾਬ ਨੂੰ ਰੰਗਲਾ ਬਣਾਉਣ ਲਈ ਉਪਰਾਲੇ ਕਰ ਰਹੀ ਹੈ। ਪੰਜਾਬ ਸਰਕਾਰ ਸਿੱਖਿਆ, ਸਿਹਤ ਅਤੇ ਖੇਡਾਂ ਦੇ ਖੇਤਰ ਵਿੱਚ ਲਗਾਤਾਰ ਕੰਮ ਕਰ ਰਹੀ ਹੈ । ਉਹਨਾਂ ਕਿਹਾ ਕਿ ਲੋਕਾਂ ਨੇ ਹੀ ਉਹਨਾਂ ਨੂੰ ਇਸ ਅਹੁਦੇ ਤੇ ਪਹੁੰਚਾਇਆ ਹੈ ਇਸ ਲਈ ਉਹਨਾਂ ਦਾ ਵੀ ਫਰਜ਼ ਹੈ ਕਿ ਉਹ ਲੋਕਾਂ ਦੀ ਭਲਾਈ ਲਈ ਕੰਮ ਕਰਨ।

ਉਨ੍ਹਾਂ ਹਲਕਾ ਵਿਧਾਇਕ ਸ. ਅਮੋਲਕ ਸਿੰਘ ਨੂੰ ਵੈਟਰਨ ਖਿਡਾਰੀਆਂ ਨੂੰ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਦਿਖਾਉਣ ਦਾ ਸੱਦਾ ਦਿੱਤਾ। ਸਪੀਕਰ ਸੰਧਵਾਂ ਨੇ ਇਸ ਵੈਟਰਨਰ ਐਥਲੈਟਿਕ ਚੈਂਪੀਅਨਸ਼ਿਪ ਵਿੱਚ ਜੇਤੂ ਰਹਿਣ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ।

# ਬਾਵਾ ਅਤੇ ਵਿਕਰਮ ਨੇ ਸਚਿਨ ਪਾਇਲਟ ਨੂੰ ਇਲਾਹੀ ਗਿਆਨ ਦਾ ਸਾਗਰ ਪੁਸਤਕ ਭੇਂਟ ਕੀਤੀ

### ਸਚਿਨ ਪਾਇਲਟ ਨੇ ਬਾਵਾ ਵੱਲੋਂ ਸਿਆਸੀ, ਸਮਾਜਿਕ, ਸਭਿਆਚਾਰਕ ਅਤੇ ਧਾਰਮਿਕ ਖੇਤਰ ਵਿੱਚ ਨਿਭਾਈ ਜਾ ਰਹੀ ਸੇਵਾ ਦੀ ਸ਼ਲਾਘਾ ਕੀਤੀ



ਮੁੱਲਾਂਪੁਰ ਦਾਖਾ, 4 ਮਾਰਚ (ਗਿਆਨ ਸਿੰਘ): ਸਚਿਨ ਪਾਇਲਟ ਦੇ ਕੁੱਲ ਹਿੰਦ ਕਾਂਗਰਸ ਦਾ ਜਨਰਲ ਸਕੱਤਰ ਬਣਨ 'ਤੇ ਦੇਵੀਗੜ੍ਹ ਪਟਿਆਲਾ ਵਿਖੇ ਸੀਨੀਅਰ ਕਾਂਗਰਸੀ ਨੇਤਾ ਨਿਰਮਲ ਭੱਟੀਆਂ ਵੱਲੋਂ ਉਨਾਂ ਦੇ ਸਨਮਾਨ ਵਿੱਚ ਰੱਖੀ ਕਾਂਗਰਸ ਵਰਕਰਾਂ ਦੀ ਵਿਸ਼ਾਲ ਰੈਲੀ ਵਿੱਚ ਪੁੱਜੇ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ ਇੰਚਾਰਜ ਓ.ਬੀ.ਸੀ. ਵਿਭਾਗ ਹਿਮਾ- ਚਲ ਪ੍ਰਦੇਸ਼ ਅਤੇ ਵਿਕਰਮ ਘੁੰਮਣ ਪ੍ਰਧਾਨ ਯੂਥ ਵਿੰਗ ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਪੰਜਾਬ ਨੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਸਚਿਨ ਪਾਇਲਟ ਨੂੰ ਇਲਾਹੀ ਗਿਆਨ ਦਾ ਸਾਗਰ "ਸ੍ਰੀ ਗੁਰੂ ਗ੍ਰੰਥ ਸਾਹਿਬ" ਭੇਂਟ ਕੀਤੀ ਅਤੇ ਉਹਨਾਂ ਪੰਜਾਬੀ ਭਾਸ਼ਾ ਦੀ ਤਰਜਮਾਨੀ ਕਰਦੀ ਸ਼ਾਲ ਵੀ ਪਹਿਨਾਈ ਜਿਸ ਤੇ ੳ.ਅ ਉਕਰਿਆ ਹੋਇਆ ਸੀ।

ਇਸ ਸਮੇਂ ਜਦੋਂ ਸ੍ਰੀ ਬਾਵਾ ਨੇ ਸਚਿਨ ਪਾਇਲਟ ਨੂੰ ਪੁਸਤਕ ਦੀ ਅਹਿਮੀਅਤ ਬਾਰੇ ਦੱਸਿਆ ਤਾਂ ਉਹਨਾਂ ਕਿਹਾ ਕਿ ਮੈਂ ਖੁਸ਼ਕਿਸਮਤ ਹਾਂ ਮੈਨੂੰ ਇਹ ਪਵਿੱਤਰ ਪੁਸਤਕ ਮਿਲ ਰਹੀ ਹੈ। ਉਹਨਾਂ ਕਿਹਾ ਕਿ ਤਿੰਨ ਭਾਸ਼ਾਵਾਂ ਵਿੱਚ ਇਹ ਇਲਾਹੀ ਗਿਆਨ ਦਾ ਸਾਗਰ ਪੁਸਤਕ ਤਿਆਰ ਕਰਕੇ ਦੇਸ਼ ਵਿਦੇਸ਼ ਵਿੱਚ ਪਹੁੰਚਾਉਣ ਦਾ ਜੋ ਉਪਰਾਲਾ ਫਾਊਂਡੇਸ਼ਨ ਵੱਲੋਂ ਕੀਤਾ ਹੈ ਸ਼ਲਾਘਾਯੋਗ ਹੈ। ਉਨ੍ਹਾਂ ਬਾਵਾ ਵੱਲੋਂ ਸਿਆਸੀ, ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਸਮੇਂ ਬਾਵਾ ਨੇ 25 ਸਾਲ ਪੁਰਾਣੀ ਘਟਨਾ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਧੀਆਂ ਦੇ ਲੋਹੜੀ ਮੇਲੇ 'ਤੇ ਰਾਜੇਸ਼ ਪਾਇਲਟ ਆਏ ਅਤੇ ਉਹਨਾਂ ਜਗਦੇਵ ਸਿੰਘ ਜੱਸੋਵਾਲ ਦੇ ਕਹਿਣ 'ਤੇ ਮਾਲਟਾ ਕਿਸ਼ਤੀ ਕਾਂਡ ਵਿਚ ਨੌਜਵਾਨਾਂ ਦੀਆਂ ਹੋਈਆਂ ਮੌਤਾਂ ਬਾਰੇ ਰਾਜੇਸ਼ ਪਾਇਲਟ ਨੂੰ ਜਾਣੂ ਕਰਵਾਇਆ ਤਾਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਦੇਵਗੌੜਾ ਤੋਂ ਇਸ ਦੀ ਸੀ.ਬੀ.ਆਈ. ਜਾਂਚ ਦੇ ਆਰਡਰ ਪਾਇਲਟ ਨੇ ਕਰਵਾਏ ਸਨ।


LOCAL & LONG DISTANCE MOVING

H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate of Excellence

SAFE, RELIABLE AND EFFICIENT SERVICE AT THE BEST RATES

# ਐੱਸ.ਐੱਸ.ਐੱਫ. ਨੇ ਪਹਿਲੇ ਮਹੀਨੇ 389 ਸਕਿੰਟ ਦੇ ਰਿਕਾਰਡ ਸਮੇਂ ਵਿਚ 1053 ਸੜਕ ਹਾਦਸਿਆਂ 'ਚ ਪ੍ਰਦਾਨ ਕੀਤੀ ਮੁੱਢਲੀ ਸਹਾਇਤਾ, 574 ਗੰਭੀਰ ਜ਼ਖਮੀਆਂ ਨੂੰ ਪਹੁੰਚਾਇਆ ਹਸਪਤਾਲ

## ਡੀਜੀਪੀ ਪੰਜਾਬ ਨੇ ਫੋਰਸ ਦਾ ਇੱਕ ਮਹੀਨਾ ਮੁਕੰਮਲ ਹੋਣ 'ਤੇ ਐੱਸ.ਐੱਸ.ਐਫ. ਮੈਨੂਅਲ ਕੀਤਾ ਜਾਰੀ



ਚੰਡੀਗੜ੍ਹ, 4 ਮਾਰਚ (ਪੋਸਟ ਬਿਊਰੋ): ਆਪਣੇ ਪਹਿਲੇ ਮਹੀਨੇ ਦੀ ਸ਼ੁਰੂਆਤ ਵਿੱਚ ਹੀ ਬੇਮਿਸਾਲ ਕਾਰਗੁਜ਼ਾਰੀ ਦਿਖਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਨੇ ਕੌਮਾਂਤਰੀ ਮਾਪਦੰਡਾਂ ਦੀ ਤਰਜ਼ 'ਤੇ ਔਸਤਨ 6 ਮਿੰਟ 29 ਸਕਿੰਟ (389 ਸਕਿੰਟ) ਦੇ ਰਿਕਾਰਡ ਸਮੇਂ ਵਿੱਚ 1053 ਹਾਦਸਿਆਂ ਵਾਲੀਆਂ ਥਾਵਾਂ 'ਤੇ ਪਹੁੰਚ ਕੇ ਲੋੜੀਂਦੀ ਕਾਰਵਾਈ ਕਰਦਿਆਂ ਕੀਰਤੀਮਾਨ ਸਥਾਪਤ ਕੀਤਾ ਹੈ।

ਐਸਐਸਐਫ ਟੀਮ ਨੂੰ ਉਨ੍ਹਾਂ ਦੇ ਸ਼ਲਾਘਾਯੋਗ ਯਤਨਾਂ ਅਤੇ ਪ੍ਰਾਪਤੀਆਂ ਲਈ ਵਧਾਈ ਦਿੰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਐਸਐਸਐਫ ਨੇ ਰਿਕਾਰਡ ਸਮੇਂ ਵਿੱਚ ਹਾਦਸਿਆਂ ਵਾਲੀਆਂ ਥਾਵਾਂ ਤੇ ਪਹੁੰਚਣ ਤੋਂ ਇਲਾਵਾ ਘੱਟੋ-ਘੱਟ 784 ਸੜਕ ਦੁਰਘਟਨਾਵਾਂ ਦੇ ਪੀੜਤਾਂ ਨੂੰ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਅਤੇ 574 ਗੰਭੀਰ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਉਣਾ ਯਕੀਨੀ ਬਣਾ ਕੇ ਬਹੁਤ ਸਾਰੀਆਂ ਕੀਮਤੀ ਜਾਨਾਂ ਵੀ ਬਚਾਈਆਂ ਹਨ।

ਡੀਜੀਪੀ ਗੌਰਵ ਯਾਦਵ, ਜਿਹਨਾਂ ਦੇ ਨਾਲ ਏਡੀਜੀਪੀ (ਟਰੈਫਿਕ ਅਤੇ ਸੜਕ ਸੁਰੱਖਿਆ) ਏ.ਐਸ. ਰਾਏ ਵੀ ਮੌਜੂਦ ਸਨ, ਨੇ ਇਸ ਫੋਰਸ ਦਾ ਇੱਕ ਮਹੀਨਾ ਮੁਕੰਮਲ ਹੋਣ 'ਤੇ ਐਸਐਸਐਫ ਮੈਨੂਅਲ ਜਾਰੀ ਕੀਤਾ। ਇਸ ਮੌਕੇ ਸੀਨੀਅਰ ਸੁਪਰਡੈਂਟ ਆਫ ਪੁਲਿਸ (ਐਸਐਸਪੀ) ਐਸਐਸਐਫ ਗਗਨ ਅਜੀਤ ਸਿੰਘ ਅਤੇ ਰਿਸਰਚ ਐਸੋਸੀਏਟ ਪੀਆਰਐਸਟੀਆਰਸੀ ਉਮੇਸ਼ ਸ਼ਰਮਾ ਵੀ ਮੌਜੂਦ ਸਨ।

ਉਹਨਾਂ ਕਿਹਾ ਕਿ ਪੰਜਾਬ ਰੋਡ ਸੇਫਟੀ ਐਂਡ ਟਰੈਫਿਕ ਰਿਸਰਚ ਸੈਂਟਰ ਦੁਆਰਾ ਬਾਖ਼ੂਬੀ ਢੰਗ ਨਾਲ ਤਿਆਰ ਕੀਤੇ ਗਏ ਐਸਐਸਐਫ ਮੈਨੂਅਲ ਨੂੰ ਜਾਰੀ ਕਰਨ ਸਮੇਂ ਉਹ ਬੇਹੱਦ ਖੁਸ਼ੀ ਮਹਿਸੂਸ ਕਰ ਰਹੇ ਹਨ। ਉਹਨਾਂ ਅੱਗੇ ਕਿਹਾ ਕਿ ਇਹ ਵਿਆਪਕ ਗਾਈਡ ਸਮੁੱਚੇ ਪੰਜਾਬ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਦੇ ਸਾਡੇ ਮਿਸ਼ਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Grand Upholstery Ltd
Sofa Company Originality in Every Piece
Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ







ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017